ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 27 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੧੫ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਹਾਈਕਮਾਨ ਦੇ ਹੁਕਮਾਂ ਤੱਕ ਨਹੀਂ ਕਰਾਂਗੇ ਰਿਹਾਈ, 72 ਘੰਟਿਆਂ ਬਾਅਦ ਵੀ ਨਹੀਂ ਛੱਡਿਆ

**ਅਬੋਹਰ/ਫਿਰੋਜ਼ਪੁਰ, 26 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ ਵਿੱਚ ਭਾਰਤ-ਪਾਕਿਸਤਾਨ ਸਰਹੱਦ ਤੋਂ ਫੜਿਆ ਗਿਆ ਬੀਐਸਐਫ ਜਵਾਨ 72 ਘੰਟੇ ਬਾਅਦ ਵੀ ਪਾਕਿਸਤਾਨੀ ਰੇਂਜਰਾਂ ਦੀ ਹਿਰਾਸਤ ਵਿੱਚ ਹੈ। 3 ਫਲੈਗ ਮੀਟਿੰਗਾਂ ਤੋਂ ਬਾਅਦ ਵੀ ਉਸ ਨੂੰ ਰਿਹਾਅ ਨਹੀਂ ਕੀਤਾ ਗਿਆ। ਪਾਕਿਸਤਾਨੀ ਅਧਿਕਾਰੀਆਂ ਨੇ ਸਿਪਾਹੀ ਨੂੰ ਰਿਹਾਅ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਜਦੋਂ ਤੱਕ ਉਨ੍ਹਾਂ ਨੂੰ ਹਾਈਕਮਾਨ ਤੋਂ ਹੁਕਮ ਨਹੀਂ ਮਿਲਦੇ, ਉਹ ਸਿਪਾਹੀ ਨੂੰ ਰਿਹਾਅ ਨਹੀਂ ਕਰਨਗੇ। ਦੂਜੇ ਪਾਸੇ, ਸ਼ੁੱਕਰਵਾਰ ਸ਼ਾਮ ਨੂੰ ਬੀਐਸਐਫ ਦੇ ਡਾਇਰੈਕਟਰ ਜਨਰਲ ਦਲਜੀਤ ਸਿੰਘ ਚੌਧਰੀ (ਡੀਜੀ) ਨੇ ਕੇਂਦਰੀ ਗ੍ਰਹਿ ਸਕੱਤਰ ਗੋਵਿੰਦ ਮੋਹਨ ਨਾਲ ਸਿਪਾਹੀ ਨੂੰ ਰਿਹਾਅ ਕਰਨ ਲਈ ਗੱਲ ਕੀਤੀ। ਜਵਾਨ ਪੀਕੇ ਸਾਹੂ ਦੇ ਭਰਾ ਸ਼ਿਆਮ ਸੁੰਦਰ ਸਾਹੂ ਨੇ ਆਪਣੇ ਭਰਾ ਨੂੰ ਰਿਹਾਅ ਕਰਵਾਉਣ ਲਈ ਕੇਂਦਰ ਸਰਕਾਰ ਨੂੰ ਮਦਦ ਦੀ ਅਪੀਲ ਕੀਤੀ ਹੈ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਤਣਾਅ ਕਾਰਨ ਪੀਕੇ ਸਿੰਘ ਦੀ ਰਿਹਾਈ ਵਿੱਚ ਦੇਰੀ ਹੋ ਰਹੀ ਹੈ। ਜਵਾਨ ਪੀਕੇ ਸਿੰਘ ਦੀ ਪਤਨੀ ਰਜਨੀ ਸਾਹੂ ਨੇ ਕਿਹਾ, "ਮੈਂ ਆਖਰੀ ਵਾਰ ਮੰਗਲਵਾਰ (22 ਅਪ੍ਰੈਲ) ਰਾਤ ਨੂੰ ਉਨ੍ਹਾਂ ਨਾਲ ਗੱਲ ਕੀਤੀ ਸੀ। ਮੈਂ ਬਸ ਚਾਹੁੰਦੀ ਹਾਂ ਕਿ ਉਹ ਜਲਦੀ ਘਰ ਵਾਪਸ ਆ ਜਾਣ।" 40 ਸਾਲਾ ਪੀਕੇ ਸਾਹੂ ਕੋਲਕਾਤਾ ਦੇ ਹੁਗਲੀ ਦਾ ਰਹਿਣ ਵਾਲਾ ਹੈ। ਘਰ ਛੁੱਟੀਆਂ ਬਿਤਾਉਣ ਤੋਂ ਬਾਅਦ, ਉਹ 31 ਮਾਰਚ ਨੂੰ ਡਿਊਟੀ 'ਤੇ ਵਾਪਸ ਆਇਆ।

### ਸਰਕਾਰ ਦੀ ਮੀਡੀਆ ਚੈਨਲਾਂ ਨੂੰ ਹਦਾਇਤ, ਨਾ ਦਿਖਾਈ ਜਾਵੇ ਫੌਜ ਦੀ ਗਤੀਵਿਧੀ

# ਕੁਝ ਵੱਡਾ ਕਰਨ ਦੀ ਤਿਆਰੀ...?

**ਨਵੀਂ ਦਿੱਲੀ, 26 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਸ਼ੁੱਕਰਵਾਰ ਨੂੰ ਸਾਰੇ ਮੀਡੀਆ ਚੈਨਲਾਂ ਨੂੰ ਰਾਸ਼ਟਰੀ ਸੁਰੱਖਿਆ ਦੇ ਹਿੱਤ ਵਿੱਚ ਰੱਖਿਆ ਕਾਰਜਾਂ ਅਤੇ ਸੁਰੱਖਿਆ ਬਲਾਂ ਦੀਆਂ ਗਤੀਵਿਧੀਆਂ ਦੇ ਲਾਈਵ ਕਵਰੇਜ ਦਿਖਾਉਣ ਤੋਂ ਬਚਣ ਲਈ ਇੱਕ ਸਲਾਹ ਜਾਰੀ ਕੀਤੀ ਹੈ। ਇਹ ਸਲਾਹ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਚੱਲ ਰਹੇ ਤਣਾਅ ਦੇ ਵਿਚਕਾਰ ਜਾਰੀ ਕੀਤੀ ਗਈ ਹੈ। ਦਰਅਸਲ, ਭਾਰਤ ਸਰਕਾਰ ਨੇ ਸਾਰੇ ਮੀਡੀਆ ਹਾਊਸਾਂ ਨੂੰ ਰੱਖਿਆ ਕਾਰਜਾਂ ਅਤੇ ਫੌਜਾਂ ਦੀ ਗਤੀਵਿਧੀ ਨੂੰ ਕਵਰ ਨਾ ਕਰਨ ਦੀ ਸਲਾਹ ਜਾਰੀ ਕੀਤੀ ਹੈ। ਮੰਤਰੀ ਨੇ ਕਿਹਾ, "ਰਾਸ਼ਟਰੀ ਸੁਰੱਖਿਆ ਦੇ ਹਿੱਤ ਵਿੱਚ ਸਾਰੇ ਮੀਡੀਆ ਪਲੇਟਫਾਰਮਾਂ, ਨਿਊਜ਼ ਏਜੰਸੀਆਂ ਅਤੇ ਸੋਸ਼ਲ ਮੀਡੀਆ ਉਪਭੋਗਤਾਵਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਰੱਖਿਆ ਤੇ ਹੋਰ ਸੁਰੱਖਿਆ ਨਾਲ ਸਬੰਧਤ ਕਾਰਜਾਂ ਨਾਲ ਸਬੰਧਤ ਮਾਮਲਿਆਂ ਦੀ ਰਿਪੋਰਟਿੰਗ ਕਰਦੇ ਸਮੇਂ ਪੂਰੀ ਜ਼ਿੰਮੇਵਾਰੀ ਨਿਭਾਉਣ ਤੇ ਮੌਜੂਦਾ ਕਾਨੂੰਨਾਂ ਅਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ।" ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਵਧ ਗਿਆ ਹੈ। ਸਰਕਾਰ ਨੇ ਸ਼ਨੀਵਾਰ ਨੂੰ ਮੀਡੀਆ ਹਾਊਸਾਂ ਨੂੰ ਰੱਖਿਆ ਕਾਰਜਾਂ ਅਤੇ ਸੁਰੱਖਿਆ ਬਲਾਂ ਦੀ ਗਤੀਵਿਧੀ ਦੇ ਲਾਈਵ ਕਵਰੇਜ ਦਿਖਾਉਣ ਤੋਂ ਬਚਣ ਲਈ ਕਿਹਾ ਹੈ। ਇਸ ਸਲਾਹ ਪਿੱਛੇ ਸਰਕਾਰ ਦਾ ਤਰਕ ਇਹ ਹੈ ਕਿ ਅਜਿਹੀ ਰਿਪੋਰਟਿੰਗ ਅਣਜਾਣੇ ਵਿੱਚ ਵਿਰੋਧੀ ਤੱਤਾਂ ਦੀ ਮਦਦ ਕਰ ਸਕਦੀ ਹੈ। ਇਹ ਸਲਾਹ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਰੱਖਿਆ ਮਾਮਲਿਆਂ ਦੀ ਰਿਪੋਰਟਿੰਗ ਦੇ ਮੱਦੇਨਜ਼ਰ ਦਿੱਤੀ ਗਈ ਹੈ। ਇਸ ਹਮਲੇ ਵਿੱਚ 26 ਲੋਕ ਮਾਰੇ ਗਏ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਸੈਲਾਨੀ ਸਨ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵੱਲੋਂ ਜਾਰੀ ਸਲਾਹ ਵਿੱਚ ਕਿਹਾ ਗਿਆ ਹੈ, "ਰਾਸ਼ਟਰੀ ਸੁਰੱਖਿਆ ਦੇ ਹਿੱਤ ਵਿੱਚ, ਸਾਰੇ ਮੀਡੀਆ ਪਲੇਟਫਾਰਮਾਂ, ਨਿਊਜ਼ ਏਜੰਸੀਆਂ ਅਤੇ ਸੋਸ਼ਲ ਮੀਡੀਆ ਉਪਭੋਗਤਾਵਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਰੱਖਿਆ ਅਤੇ ਹੋਰ ਸੁਰੱਖਿਆ ਨਾਲ ਸਬੰਧਤ ਕਾਰਜਾਂ ਨਾਲ ਸਬੰਧਤ ਮਾਮਲਿਆਂ ਦੀ ਰਿਪੋਰਟਿੰਗ ਕਰਦੇ ਸਮੇਂ ਪੂਰੀ ਜ਼ਿੰਮੇਵਾਰੀ ਨਿਭਾਉਣ ਅਤੇ ਮੌਜੂਦਾ ਕਾਨੂੰਨਾਂ ਅਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ।"



## ਪੰਜਾਬ 'ਚ ਪਾਕਿ ਬਾਰਡਰ 'ਤੇ ਫਸਲ ਕੱਟਣ ਦੇ ਹੁਕਮ, ਕਿਸਾਨਾਂ ਨੂੰ 2 ਦਿਨ 'ਚ ਖੇਤ ਖਾਲੀ ਕਰਨ ਨੂੰ ਕਿਹਾ

**ਅੰਮ੍ਰਿਤਸਰ, 26 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਪੰਜਾਬ ਨਾਲ ਲੱਗਦੀ ਪਾਕਿਸਤਾਨ ਸਰਹੱਦ 'ਤੇ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ ਹੈ। ਰਾਜ ਵਿੱਚ ਭਾਰਤ-ਪਾਕਿਸਤਾਨ ਸਰਹੱਦ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਫਿਰੋਜ਼ਪੁਰ ਅਤੇ ਫਾਜ਼ਿਲਕਾ ਵਿੱਚ ਹੈ। ਸਾਰੀਆਂ ਥਾਵਾਂ 'ਤੇ, ਸੀਮਾ ਸੁਰੱਖਿਆ ਬਲ ਨੇ ਆਪਣੀਆਂ ਕਵਿੱਕ ਰਿਐਕਸ਼ਨ ਟੀਮਾਂ ਨੂੰ ਐਕਟਿਵ ਕਰ ਦਿੱਤਾ ਹੈ। ਬੀਐਸਐਫ ਨੇ ਪਾਕਿਸਤਾਨ ਸਰਹੱਦ 'ਤੇ ਕੰਡਿਆਲੀ ਤਾਰ ਦੇ ਦੂਜੇ ਪਾਸੇ ਫਸਲਾਂ ਦੀ ਕਾਸ਼ਤ ਕਰ ਰਹੇ ਕਿਸਾਨਾਂ ਨੂੰ ਦੋ ਦਿਨਾਂ ਦੇ ਅੰਦਰ ਆਪਣੀਆਂ ਫਸਲਾਂ ਦੀ ਕਟਾਈ ਕਰਨ ਲਈ ਕਿਹਾ ਹੈ। ਉਨ੍ਹਾਂ ਨੂੰ ਦੱਸਿਆ ਕਿ ਜੇਕਰ ਸਥਿਤੀ ਵਿਗੜਦੀ ਹੈ, ਤਾਂ ਉਨ੍ਹਾਂ ਨੂੰ ਵਾੜ ਪਾਰ ਨਹੀਂ ਕਰਨ ਦਿੱਤੀ ਜਾਵੇਗੀ। ਹਾਲਾਂਕਿ, ਕਿਸਾਨਾਂ ਨੇ ਹੋਰ ਸਮਾਂ ਮੰਗਿਆ ਹੈ। ਉਨ੍ਹਾਂ ਨੇ ਕਿਹਾ ਕਿ 2 ਦਿਨਾਂ ਵਿੱਚ ਫਸਲ ਨਹੀਂ ਕੱਟੀ ਜਾ ਸਕਦੀ। ਇਸ ਦੌਰਾਨ, ਅੰਮ੍ਰਿਤਸਰ ਦੀ ਅਟਾਰੀ ਸਰਹੱਦ ਰਾਹੀਂ ਪਾਕਿਸਤਾਨੀ ਨਾਗਰਿਕਾਂ ਦੇ ਦੇਸ਼ ਵਾਪਸ ਆਉਣ ਦਾ ਸਿਲਸਿਲਾ ਜਾਰੀ ਹੈ। ਅਟਾਰੀ ਸਰਹੱਦ ਤੋਂ ਪਹਿਲਾਂ ਬਣੀ ਚੈੱਕ ਪੋਸਟ 'ਤੇ ਜਾਮ ਹੈ। ਬੀਐਸਐਫ ਦੀਆਂ ਟੀਮਾਂ ਲੋਕਾਂ ਨੂੰ ਜਾਂਚ ਤੋਂ ਬਾਅਦ ਹੀ ਅੱਗੇ ਵਧਣ ਦੇ ਰਹੀਆਂ ਹਨ। ਸਰਕਾਰ ਨੇ ਵਾਪਸ ਜਾਣ ਲਈ 27 ਅਪ੍ਰੈਲ ਤੱਕ ਦਾ ਸਮਾਂ ਦਿੱਤਾ ਹੈ। ਮੈਡੀਕਲ ਵੀਜ਼ਾ ਵਾਲੇ ਲੋਕਾਂ ਨੂੰ 29 ਅਪ੍ਰੈਲ ਤੱਕ ਦੇਸ਼ ਛੱਡਣ ਲਈ ਕਿਹਾ ਗਿਆ ਹੈ। ਇਸ ਦੌਰਾਨ, ਪਹਿਲਗਾਮ ਅੱਤਵਾਦੀ ਹਮਲੇ ਦੇ ਵਿਰੋਧ ਵਿੱਚ ਅੰਮ੍ਰਿਤਸਰ ਦੇ ਵਪਾਰੀਆਂ ਨੇ ਬਾਜ਼ਾਰ ਬੰਦ ਰੱਖੇ। ਇਨ੍ਹਾਂ ਵਿੱਚ ਸ਼ਾਸਤਰੀ ਮਾਰਕੀਟ, ਗੱਗੂ ਮੰਡੀ, ਸਰਾਫਾ ਬਾਜ਼ਾਰ, ਕਟੜਾ ਜੈਮਲ ਸਿੰਘ, ਕਟੜਾ ਆਹਲੂਵਾਲੀਆ, ਪ੍ਰਤਾਪ ਬਾਜ਼ਾਰ, ਗੋਇਨਕਾ ਮਾਰਕੀਟ, ਪੁਰਾਣੀ ਮੰਡੀ ਅਤੇ ਫੋਕਲ ਪੁਆਇੰਟ ਸ਼ਾਮਲ ਹਨ। 16 ਮਾਰਕੀਟ ਐਸੋਸੀਏਸ਼ਨਾਂ ਦੇ ਮੈਂਬਰਾਂ ਨੇ ਹਾਲ ਦੇ ਗੇਟ 'ਤੇ ਪਾਕਿਸਤਾਨ ਦਾ ਪੁਤਲਾ ਸਾੜਿਆ। ਦੱਸ ਦਈਏ ਕਿ 22 ਅਪ੍ਰੈਲ ਨੂੰ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਸਥਿਤੀ ਤਣਾਅਪੂਰਨ ਬਣੀ ਹੋਈ, ਦੋਹਾਂ ਦੇਸ਼ਾਂ ਵਿਚਕਾਰ ਸਬੰਧ ਵਿਗੜਦੇ ਜਾ ਰਹੇ ਹਨ, ਜਿਸ ਦਾ ਖਾਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।

## ਭਿਆਨਕ ਧਮਾਕੇ ਨਾਲ ਦਹਿਲਿਆ ਈਰਾਨ ! ਕਈ ਕਿਲੋਮੀਟਰ ਦੂਰ ਤੱਕ ਟੁੱਟੇ ਖਿੜਕੀਆਂ ਦੇ ਸ਼ੀਸ਼ੇ

**ਤਹਿਰਾਨ, 26 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦੱਖਣੀ ਈਰਾਨ ਦੇ ਬੰਦਰਗਾਹ ਸ਼ਹਿਰ ਬੰਦਰ ਅੱਬਾਸ ਦੇ ਸ਼ਾਹਿਦ ਰਾਜਾਈ ਬੰਦਰਗਾਹ 'ਤੇ ਇੱਕ ਵੱਡਾ ਧਮਾਕਾ ਹੋਇਆ ਹੈ। ਇਹ ਧਮਾਕਾ ਇੰਨਾ ਭਿਆਨਕ ਸੀ ਕਿ ਇਸ ਦਾ ਅਸਰ ਕਈ ਕਿਲੋਮੀਟਰ ਦੂਰ ਤੱਕ ਦੇਖਣ ਨੂੰ ਮਿਲਿਆ। ਦੂਰ-ਦੂਰ ਦੇ ਘਰਾਂ ਦੇ ਖਿੜਕੀਆਂ ਦੇ ਸ਼ੀਸ਼ੇ ਟੁੱਟ ਗਏ, ਸਮਾਨ ਖਿੱਲਰ ਗਿਆ ਅਤੇ ਲੋਕਾਂ ਵਿੱਚ ਦਹਿਸ਼ਤ ਫੈਲ ਗਈ। ਰਿਪੋਰਟਾਂ ਅਨੁਸਾਰ, ਇਸ ਹਮਲੇ ਵਿੱਚ ਘੱਟੋ-ਘੱਟ 47 ਲੋਕ ਜ਼ਖਮੀ ਹੋਏ ਹਨ। ਇਸ ਧਮਾਕੇ ਨਾਲ ਸਬੰਧਤ ਕੁਝ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੇ ਹਨ, ਜਿਸ ਵਿੱਚ ਅਸਮਾਨ ਵਿੱਚ ਧੂੰਏਂ ਦੇ ਗੁਬਾਰ ਉੱਠਦੇ ਦੇਖੇ ਜਾ ਸਕਦੇ ਹਨ। ਸ਼ਹੀਦ ਰਾਜਾਈ ਬੰਦਰਗਾਹ ਮੁੱਖ ਤੌਰ 'ਤੇ ਕੰਟੇਨਰ ਆਉਂਦੇ-ਜਾਂਦੇ ਹਨ, ਇਸ ਦੇ ਨਾਲ ਹੀ ਤੇਲ ਦੇ ਟੈਂਕ ਅਤੇ ਪੈਟ੍ਰੋਕੈਮੀਕਲ ਦੀਆਂ ਸੁਵਿਧਾਵਾਂ ਵੀ ਹਨ।



ਹਾਲਾਂਕਿ, ਹਾਲੇ ਤੱਕ ਇਹ ਨਹੀਂ ਪਤਾ ਲੱਗਿਆ ਕਿ ਇੰਨਾ ਵੱਡਾ ਧਮਾਕਾ ਕਿਵੇਂ ਹੋਇਆ? ਰਿਪੋਰਟਾਂ ਅਨੁਸਾਰ, ਰਾਹਤ ਅਤੇ ਬਚਾਅ ਕਾਰਜ ਜਾਰੀ ਹਨ ਅਤੇ ਜ਼ਖਮੀਆਂ ਨੂੰ ਕੱਢਣ ਅਤੇ ਹਸਪਤਾਲ ਲਿਜਾਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

## ਤਖਤ ਸਾਹਿਬਾਨ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਸਬੰਧੀ ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕਣ ਲਈ ਮੀਟਿੰਗ ਅੱਜ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ

### ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਵਾਲੀ ਇਕੱਤਰਤਾ ਵਿੱਚ ਲਏ ਜਾਣਗੇ ਅਹਿਮ ਫੈਸਲੇ

**ਚੌਕ ਮਹਿਤਾ, 26 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਰਚ ਮਹੀਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਜੈਕਟਿਵ ਕਮੇਟੀ ਵੱਲੋਂ ਪੰਥਕ ਸਿਧਾਂਤਾਂ ਨੂੰ ਛਿੱਕੇ ਟੰਗਦੇ ਹੋਏ ਤਿੰਨਾਂ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਨੂੰ ਜਿਸ ਤਰ੍ਹਾਂ ਅਪਮਾਨਜਨਕ ਤਰੀਕੇ ਨਾਲ ਅਹੁਦੇ ਤੋਂ ਹਟਾਇਆ ਗਿਆ ਸੀ, ਉਸ ਉਪਰੰਤ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਸਿੱਖ ਸੰਪਰਦਾਵਾਂ ਅਤੇ ਹੋਰ ਪੰਥਕ ਸ਼ਖਸ਼ੀਅਤਾਂ ਦੇ ਸਹਿਯੋਗ ਨਾਲ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ ਸੰਘਰਸ਼ ਆਰੰਭ ਕੀਤਾ ਗਿਆ ਸੀ। ਜਿਸ ਉਪਰੰਤ 28 ਮਾਰਚ ਨੂੰ ਸ਼੍ਰੀ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਲੱਗੇ ਵਿਸ਼ਾਲ ਰੋਸ ਧਰਨੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤਖਤ ਸਾਹਿਬਾਨਾਂ ਦੇ ਜਥੇਦਾਰਾਂ ਦੀ ਬਹਾਲੀ ਲਈ 15 ਅਪ੍ਰੈਲ ਤੱਕ ਦਾ ਸਮਾਂ ਦਿੱਤਾ ਗਿਆ ਸੀ। ਜਿਸ ਦੀ ਮਿਆਦ ਬੀਤਣ ਉਪਰੰਤ ਸੰਤ ਸਮਾਜ ਦੇ ਮਹਾਂਪੁਰਖਾਂ, ਨਿਹੰਗ ਸਿੰਘ ਜਥੇਬੰਦੀਆਂ, ਚੀਫ ਖਾਲਸਾ ਦੀਵਾਨ, ਸਿੱਖ ਸੰਪਰਦਾਵਾਂ, ਉੱਘੀਆਂ ਪੰਥਕ ਸ਼ਖਸੀਅਤਾਂ, ਸਿੱਖ ਸਟੂਡੈਂਟ ਫੈਡਰੇਸ਼ਨ ਅਤੇ ਹੋਰ ਵੱਖ-ਵੱਖ ਸੰਸਥਾਵਾਂ ਦੇ ਮੁਖੀ ਸਾਹਿਬਾਨ ਅਤੇ ਉਨ੍ਹਾਂ ਦੇ ਨੁਮਾਇੰਦਿਆਂ ਦੀ ਇੱਕ ਜਰੂਰੀ ਮੀਟਿੰਗ ਅੱਜ 27 ਅਪ੍ਰੈਲ ਦਿਨ ਐਤਵਾਰ ਨੂੰ ਦਮਦਮੀ ਟਕਸਾਲ ਦੇ ਹੈਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸਵੇਰੇ 11 ਵਜੇ ਬੁਲਾਈ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ 27 ਅਪ੍ਰੈਲ ਨੂੰ ਇੱਕਤਰ ਸਮੂਹ ਸਖਸ਼ੀਅਤਾਂ ਦੇ ਨਾਲ ਵਿਚਾਰ ਵਟਾਂਦਰੇ ਉਪਰੰਤ ਸਭ ਦੇ ਸਹਿਯੋਗ ਨਾਲ ਹੀ ਕੋਈ ਅਗਲਾ ਫੈਸਲਾ ਲਿਆ ਜਾਵੇਗਾ। ਓਨਾ ਸਮੂਹ ਪੰਥ ਦਰਦੀਆਂ ਨੂੰ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਘਰ 'ਚ ਪਿਆ ਰੌਲਾ.., ਗੁਰਦੁਆਰਾ ਫ਼ਤਿਹਗੜ੍ਹ ਸਾਹਿਬ ਮੀਟਿਗ ਹਾਲ ਨੂੰ ਲੱਗੇ ਜਿੰਦੇ, ਨਹੀਂ ਕਰਨ ਦਿੱਤੀ ਬੈਠਕ



**ਸ੍ਰੀ ਫ਼ਤਹਿਗੜ੍ਹ ਸਾਹਿਬ, 26 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਅਕਾਲ ਤਖ਼ਤ ਸਾਹਿਬ ਵਲੋਂ ਸ਼੍ਰੋਮਣੀ ਅਕਾਲੀ ਦਲ ਨੂੰ ਪੁਨਰ ਸੁਰਜੀਤ ਕਰਨ ਲਈ ਬਣਾਈ ਗਈ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਇਕਬਾਲ ਸਿੰਘ ਝੂੰਦਾ ਵਲੋਂ ਰੱਖੀ ਗਈ ਬੈਠਕ ਦੌਰਾਨ ਫ਼ਤਹਿਗੜ੍ਹ ਸਾਹਿਬ ਗੁਰਦੁਆਰਾ ਦੇ ਗਿਆਨੀ ਗੁਰਮੁਖ ਸਿੰਘ ਯਾਦਗਾਰੀ ਇਕੱਤਰਤਾ ਹਾਲ ਵਿੱਚ ਬੈਠਕ ਨਹੀਂ ਕਰਨ ਦਿੱਤੀ ਗਈ, ਹੋਰ ਤਾਂ ਹੋਰ ਇਸ ਹਾਲ ਦੇ ਗੇਟ ਅਗੇ ਟਰੈਕਟਰ ਖੜ੍ਹਾ ਕਰ ਗੇਟ ਬੰਦ ਕਰ ਦਿੱਤਾ ਗਿਆ। ਜਿਸ ਕਾਰਨ ਅਕਾਲੀ ਦਲ ਦੀ ਲੀਡਰਸ਼ਿਪ ਨੇ ਸਵਾਲ ਚੁੱਕੇ ਅਤੇ ਇਸ ਨੂੰ ਪੰਥ ਵਿਰੋਧੀ ਦੱਸਿਆ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦੀ ਮੰਗ ਕੀਤੀ। ਇਸ ਦੇ ਨਾਲ ਹੀ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਸਿੱਖ ਪੰਥ ਦੀਆਂ ਸੰਥਾਵਾਂ ਅਤੇ ਸਿੱਖ ਲੀਡਰਸ਼ਿਪ ਦਾ ਫੈਸਲਾ ਲਿਤਾ ਜਾ ਸਕੇ। ਉਨ੍ਹਾਂ ਕਿਹਾ ਹੁਣ ਸਿੱਖ ਸੁਧਾਰ ਲਹਿਰ ਸ਼ੁਰੂ ਕਰਨ ਦਾ ਸਮਾਂ ਆ ਗਿਆ, ਉਹਨਾਂ ਕਿਹਾ ਇਸ ਥਾਂ 'ਤੇ ਮੀਟਿੰਗ ਕਰਨ ਤੋਂ ਨਹੀਂ ਰੋਕਿਆ ਜਾ ਸਕਦਾ, ਇਹ ਸਿੱਖ ਪੰਥ ਦੀ ਸਾਂਝੀ ਥਾ ਹੈ, ਇਸ ਥਾਂ 'ਤੇ ਬੈਠਕ ਕਰਨ ਤੋਂ ਰੋਕਣਾ ਨਿੰਦਣਯੋਗ ਹੈ। ਇਸ ਮੌਕੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਤੇ ਗੁਰਦੁਆਰਾ ਸ਼੍ਰੀ ਫਤਿਹਗੜ੍ਹ ਸਾਹਿਬ ਦੇ ਸੁਪਰਵਾਈਜ਼ਰ ਜੋਗਾ ਸਿੰਘ ਦੇ ਵਿਚਕਾਰ ਬਹਿਸ ਹੋਈ ਤੇ ਗੁਰਦੁਆਰਾ ਫਤਿਹਗੜ੍ਹ ਸਾਹਿਬ ਵਿੱਚ ਮੌਜੂਦ ਲੋਕਾਂ ਨੇ ਜਦੋਂ ਦੋਹਾਂ ਨੂੰ ਬਹਿਸ ਕਰਦਿਆਂ ਦੇਖਿਆ ਤਾਂ ਲੋਕਾਂ ਨੇ ਇਨ੍ਹਾਂ ਨੂੰ ਸ਼ਾਂਤ ਕਰਵਾਇਆ। ਉੱਥੇ ਹੀ ਉਨ੍ਹਾਂ ਕਿਹਾ ਕਿ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਪੰਜ ਮੈਂਬਰੀ ਭਰਤੀ ਕਮੇਟੀ ਦੇ ਨੁੰਮਾਇਦੇ ਜੱਥੇਦਾਰ ਇਕਬਾਲ ਸਿੰਘ ਝੂੰਦਾਂ ਦੀ ਅਗਵਾਈ ਹੇਠ ਹੋਣ ਵਾਲੀ ਮੀਟਿੰਗ ਤੋਂ ਪਹਿਲਾਂ ਮੀਟਿੰਗ ਨੂੰ ਹਾਲ ਨੂੰ ਤਾਲਾ ਲਗਾਉਣਾ ਅਤੇ ਮੀਟਿੰਗ ਰੋਕਣ ਲਈ ਟਰੈਕਟਰ ਖੜਾ ਕਰਨਾ, ਇਹ ਅਤਿ ਨਿੰਦਾ ਕਰਦੇ ਹਾਂ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਇਸ ਤੇ ਜਵਾਬ ਦੇਣਾ ਪਵੇਗਾ। ਇਹ ਕਾਬਜ ਧਿਰ ਦੀ ਘਬਰਾਹਟ ਦੀ ਨਿਸ਼ਾਨੀ ਹੈ। ਇਸ ਸਭ ਕੁਝ ਸੁਖਬੀਰ ਬਾਦਲ ਦੇ ਇਸ਼ਾਰਿਆਂ ਤੇ ਕੀਤਾ ਗਿਆ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜ਼ਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ

# ਮਹਾਨ ਅਵਤਾਰ ਪੁਰਬ



☛ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ( ਮੁਕਤਸਰ ਸਾਹਿਬ ਜੀ ) ☛ ਜਨਮ ਦਿਵਸ਼ : ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਹੁਸ਼ਿਆਰਪੁਰ । ☛ ਜੋੜ ਮੇਲਾ ਗੁਰੂ ਕਾ ਬਾਗ ਪਟਨਾ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**3 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

4 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਉਚੇਚ ਤੋਰ ਤੇ ਪੰਜਾਬ ਦੀ ਧਰਤੀ ਤੋਂ ਢਾਡੀ ਜਥਾ ਗਿਆਨੀ ਜਸਬੀਰ ਸਿੰਘ ਮੋਲੀਕੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਦਮਦਮੀ ਟਕਸਾਲ ਵੱਲੋਂ 41ਵੇਂ ਘੱਲੂਘਾਰਾ ਦਿਵਸ ਦੇ ਕਥਾ-ਕੀਰਤਨ ਸਮਾਗਮਾਂ ਦੀ ਆਰੰਭਤਾ 1 ਮਈ ਤੋਂ

## ਸੰਤ ਗਿ. ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ 6 ਜੂਨ ਤੱਕ ਵੱਖ ਵੱਖ ਨਗਰਾਂ 'ਚ ਹੋਣ ਵਾਲੇ ਸ਼ਹੀਦੀ ਸਮਾਗਮਾਂ ਦੀ ਸੂਚੀ ਜਾਰੀ



ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ '84 ਤੀਸਰੇ ਘੱਲੂਘਾਰੇ ਦੀ ਯਾਦ ਨੂੰ ਹਰ ਸਾਲ 6 ਜੂਨ ਵਾਲੇ ਦਿਨ ਅੰਤਰਰਾਸ਼ਟਰੀ ਪੱਧਰ 'ਤੇ ਮਨਾਇਆ ਜਾਂਦਾ ਹੈ ਤੇ ਇਸ ਘੱਲੂਘਾਰੇ ਅੰਦਰ ਸ਼ਹੀਦ ਹੋਏ ਅਮਰ ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਤੇ ਉਨ੍ਹਾਂ ਨਾਲ ਸ਼ਹਾਦਤ ਦਾ ਜਾਮ ਪੀਣ ਵਾਲੇ ਬਾਬਾ ਠਾਹਰਾ ਸਿੰਘ ,ਭਾਈ ਅਮਰੀਕ ਤੇ ਜਰਨਲ ਸੁਬੇਗ ਸਿੰਘ ਆਦਿ ਕੌਮੀ ਯੋਧਿਆਂ ਦੀ ਸ਼ਹਾਦਤਾਂ ਨੂੰ ਨਤਮਸਤਕ ਹੁੰਦਿਆਂ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਨੂੰ ਸ਼ਰਧਾਂ ਦੇ ਫੁੱਲ ਅਰਪਿਤ ਕੀਤੇ ਜਾਂਦੇ ਹਨ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਮਦਮੀ ਟਕਸਾਲ ਵੱਲੋਂ ਤੀਸਰੇ ਘੱਲੂਘਾਰੇ ਦੀ ਯਾਦ 'ਚ 41ਵਾਂ ਸ਼ਹੀਦੀ ਜੋੜ ਮੇਲਾ ਪੂਰੀ ਸ਼ਰਧਾਂ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਇਸ ਮੌਕੇ ਮਹੀਨਾ ਭਰ ਚੱਲਣ ਵਾਲੀ ਕਥਾ-ਕੀਰਤਨ ਸਮਾਗਮਾਂ ਦੀ ਲੜੀ ਦੀ ਆਰੰਭਤਾ 1 ਮਈ ਤੋਂ ਹੋਣ ਜਾ ਰਹੀ ਹੈ, ਜਿਸ ਦੇ ਚੱਲਦਿਆਂ ਵੱਖ ਵੱਖ ਨਗਰਾਂ ਅੰਦਰ ਸ਼ਾਮ 6 ਵਜੇ ਤੋਂ 8 ਵਜੇ ਤੱਕ ਗੁਰਮਤਿ ਸਮਾਗਮ ਕੀਤੇ ਜਾਣਗੇ।ਇੰਨ੍ਹਾਂ ਸਮਾਗਮਾਂ 'ਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ-ਕੀਰਤਨ ਕੀਤੇ ਜਾਣ ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਸੰਗਤਾਂ ਨੂੰ ਕਥਾ ਸਰਵਨ ਕਰਾਈ ਜਾਵੇਗੀ।ਦਮਦਮੀ ਟਕਸਾਲ ਵੱਲੋਂ ਜਾਰੀ ਸਮਾਗਮਾਂ ਦੀ ਸੂਚੀ ਅਨੁਸਾਰ 01 ਮਈ ਨੂੰ ਜਬੋਵਾਲ, 02 ਮਈ ਨੂੰ ਜੱਫਰਵਾਲ, 03 ਮਈ ਨੂੰ ਤਰਸਿੱਕਾ, 04 ਮਈ ਨੂੰ ਕੋਟਲਾ ਮੂਸਾ ਨੇੜ੍ਹੇ ਕਾਦੀਆਂ, 05 ਮਈ ਨੂੰ ਸਦਾਰੰਗ, 06 ਮਈ ਨੂੰ ਸਹਾਇਪੁਰ, 07 ਮਈ ਨੂੰ ਧਰਦਿਓ, 08 ਮਈ ਨੂੰ ਬਾਬੋਵਾਲ, 09 ਮਈ ਨੂੰ ਭਲਾਈਪੁਰ ਪੁਰਬਾ, 10 ਮਈ ਨੂੰ ਗੁ: ਕੰਧ ਸਾਹਿਬ (ਬਟਾਲਾ), 11 ਮਈ ਨੂੰ ਗੁ: ਗੁਰੂ ਕੀ ਬੇਰ ਸਾਹਿਬ, 12 ਮਈ ਨੂੰ ਲੀਲ ਕਲਾਂ, 13 ਮਈ ਨੂੰ ਸੂਸਾ, 14 ਮਈ ਨੂੰ ਸਿਆਲਕਾ, 15 ਮਈ ਨੂੰ ਚੋਣੇ, 16 ਮਈ ਨੂੰ ਨਵਾਂ ਪਿੰਡ, 17 ਮਈ ਨੂੰ ਗੁ:ਸੰਗਤਪੁਰਾ ਬਥਵਾਲਾ (ਗੁਰਦਾਸਪੁਰ), 18 ਮਈ ਨੂੰ ਧਰਮੂਚੱਕ, 19 ਮਈ ਨੂੰ ਕਾਹਲਵਾਂ, 20 ਮਈ ਨੂੰ ਉਦੋਨੰਗਲ ਖੁਰਦ, 21 ਮਈ ਨੂੰ ਸਠਿਆਲਾ, 22 ਮਈ ਨੂੰ ਢੱਪਈਆਂ, 23 ਮਈ ਨੂੰ ਵੀਲਾ/ਮੀਕੇ, 24 ਮਈ ਨੂੰ ਬੁਤਾਲਾ, 25 ਮਈ ਨੂੰ ਸਵੇਰੇ 10 ਤੋਂ 12 ਵਜੇ ਤੱਕ ਖੱਬੇ ਰਾਜਪੂਤਾਂ ਤੇ ਸ਼ਾਮ 07 ਤੋਂ 09 ਵਜੇ ਤੱਕ ਚੌਧਰੀਵਾਲ , 26 ਮਈ ਨੂੰ ਜਲਾਲਉਸਮਾਂ, 27 ਮਈ ਨੂੰ ਜੇਠੂਵਾਲ, 28 ਮਈ ਨੂੰ ਰਾਮ ਥੰਮਣ, 29 ਮਈ ਨੂੰ ਮੈਹਣੀਆਂ ਕੁਹਾਰਾ, 30 ਮਈ ਨੂੰ ਮਹਿਤਾ ਚੌਕ ਤੇ 31 ਮਈ ਨੂੰ ਚਾਟੀਵਿੰਡ ਵਿਖੇ ਗੁਰਮਤਿ ਦੀਵਾਨ ਸਜਾਏ ਜਾਣਗੇ,ਉਪਰੰਤ ਸ਼ਹੀਦੀ ਹਫਤੇ ਦੇ ਚੱਲਦਿਆਂ ਇਹ ਗੁਰਮਤਿ ਦੀਵਾਨ 01 ਤੋਂ 05 ਜੂਨ ਤੱਕ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸ਼ਾਮ 4 ਤੋਂ 7 ਵਜੇ ਤੱਕ ਸਜਾਏ ਜਾਣਗੇ,ਉਪਰੰਤ ਮੁੱਖ ਤੇ ਮਹਾਨ ਸ਼ਹੀਦੀ ਸਮਾਗਮ 6 ਜੂਨ ਨੂੰ ਹੋਵੇਗਾ।

-ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ

ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ 14 ਵੇਂ ਮੁਖੀ ਦਮਦਮੀ ਟਕਸਾਲ ਅਤੇ 6 ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ 'ਚ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ (ਮਹਿਤਾ) ਵਿਖੇ ਹਰ ਸਾਲ ਬਹੁਤ ਭਾਰੀ ਸ਼ਹੀਦੀ ਜੋੜ ਮੇਲੇ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦੀ ਅਗੁਵਾਈ 'ਚ ਮਨਾਏ ਜਾਂਦੇ ਹਨ । ਇਸ ਜੋੜ ਮੇਲੇ ਸਬੰਧੀ ਮਿਤੀ 1 ਮਈ ਤੋਂ ਵੱਖ ਵੱਖ ਨਗਰਾਂ 'ਚ ਮਹਾਂਪੁਰਸ਼ਾਂ ਵੱਲੋਂ ਸ਼ਹੀਦੀ ਸਮਾਗਮਾਂ ਦੀ ਲੜੀ ਦੀ ਆਰੰਭਤਾ ਹੋ ਰਹੀ ਹੈ। ਸਮੂਹ ਸੰਗਤਾਂ ਇਹਨਾਂ ਸਮਾਗਮਾਂ ਦੇ ਲਾਹੇ ਪ੍ਰਾਪਤ ਕਰੋ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਅੰਤਿਮ ਸੰਸਕਾਰ ਅਤੇ ਪਾਠ ਦਾ ਭੋਗ



## ਸਰਦਾਰਨੀ ਹਰਪ੍ਰੀਤ ਕੌਰ
(1951-2025)

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਰਦਾਰਨੀ ਹਰਪ੍ਰੀਤ ਕੌਰ (ਪਤਨੀ ਸ. ਪਰਮਿੰਦਰ ਸਿੰਘ ਬੱਲ, ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.), ਜੋ ਕਿ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 29 ਅਪ੍ਰੈਲ (ਦਿਨ ਮੰਗਲਵਾਰ) ਨੂੰ ਸਵੇਰੇ10.30 ਵਜੇ Slough Crematorium, Stoke Road, Slough, SL2 5AX ਵਿਖੇ ਕੀਤਾ ਜਾਵੇਗਾ, ਜਿਸ ਉਪਰੰਤ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ 11.45 ਵਜੇ ਸ੍ਰੀ ਸਹਿਜ ਪਾਠ ਪਾਠ ਜੀ ਦੇ ਭੋਗ Sri Guru Singh Sabha Gurdwara, Slough, Sheehy Way, Slough, SL2 5SS ਵਿਖੇ ਪਾਏ ਜਾਣਗੇ।

--★ ਭਾਣੇ ਵਿੱਚ ★--

ਸ. ਪਰਮਿੰਦਰ ਸਿੰਘ ਬੱਲ (ਪਤੀ)
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
ਹਰਮੀਤ ਸਿੰਘ ਬੱਲ (ਪੁੱਤਰ)
ਜਗਜੀਤ ਕੌਰ ਜਗਦਿਓ, ਭਵਨਪ੍ਰੀਤ ਕੌਰ ਸੰਧੂ (ਧੀਆਂ)

ਸੰਪਰਕ : 07834327711

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਪ੍ਰਕਾਸ਼ ਪੁਰਬ

ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

26 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ

27 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।



ਗਿਆਨੀ ਜੋਧਾ ਸਿੰਘ ਵਿਦਿਆਰਥੀ ਦਮਦਮੀ ਟਕਸਾਲ ਵਾਲੇ

ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੰਚ ਰਹੇ ਕਥਾ ਵਾਚਕ ਗਿਆਨੀ ਜੋਧਾਂ ਸਿੰਘ ਦਮਦਮੀ ਟਕਸਾਲ ਮੁੰਡਾ ਪਿੰਡ ਵਾਲੇ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਸ਼ਹੀਦ ਭਾਈ ਬਚਿੱਤਰ ਸਿੰਘ ਲੰਗਰ ਕਮੇਟੀ ਵੱਲੋਂ ਗੁਰਦੁਆਰਾ 108 ਸੰਤ ਬਾਬਾ ਹਰਨਾਮ ਸਿੰਘ ਜੀ ਰਤੋਕਿਆਂ ਵਾਲਿਆਂ ਦੀ ਪਾਵਨ ਅਸਥਾਨਾਂ 'ਤੇ

# ਲੰਗਰ ਚਲਾਉਣ ਲਈ ਹੋਈ ਹੰਗਾਮੀ ਮੀਟਿੰਗ





**ਫਿਰੋਜ਼ਪੁਰ, 26 ਅਪ੍ਰੈਲ (ਸੁਖਮੰਦਰ ਸਿੰਘ ਸ਼ਾਤ)-** ਅੱਜ ਸ਼ਹੀਦ ਬਾਬਾ ਬਚਿੱਤਰ ਸਿੰਘ ਜੀ ਲੰਗਰ ਕਮੇਟੀ ਦੀ ਅਹਿਮ ਮੀਟਿੰਗ ਅੱਜ ਗੁਰਦੁਆਰਾ 108 ਸੰਤ ਬਾਬਾ ਹਰਨਾਮ ਸਿੰਘ ਜੀ ਮਹਾਲਮ ਵਿਖੇ ਹੋਈ ਜਿਸ ਵਿੱਚ ਗੁਰੂ ਨਾਨਕ ਸਾਹਿਬ ਮਹਾਰਾਜ ਵੱਲੋਂ ਦਰਸਾਏ ਹੋਏ ਮਾਰਗ ਤੇ ਚੱਲਣ ਵਾਸਤੇ ਪਹਿਲੇ ਪੰਗਤ ਪਾਛੇ ਸੰਗਤ ਦੀ ਰੀਤ ਨੂੰ ਚਲਾਉਂਦਿਆਂ ਪਿੰਡ ਮਹਾਲਮ ਵਿੱਚ ਗੁਰਦੁਆਰਾ ਸਾਹਿਬ ਵਿੱਚ ਅੱਜ ਲੰਗਰ ਕਮੇਟੀ ਦੀ ਘੋਸ਼ਣਾ ਕੀਤੀ ਗਈ ਤੇ ਜਿਸ ਵਿੱਚ ਤਕਰੀਬਨ ਇਸ ਕਮੇਟੀ ਦੇ ਮੈਂਬਰ ਨੂੰ ਪ੍ਰਤੀ ਇੱਕ 100 ਪ੍ਰਤੀ ਮਹੀਨਾ ਸੇਵਾ ਦੇਣ ਦੀ ਮੀਟਿੰਗ ਵਿੱਚ ਬੇਨਤੀ ਕੀਤੀ ਗਈ ਅਤੇ ਨਾਲ ਹੀ ਇਸ ਲੰਗਰ ਕਮੇਟੀ ਦੀ ਜ਼ਿੰਮੇਵਾਰੀ ਸਰਦਾਰ ਬੰਦ ਅਮਰਜੀਤ ਸਿੰਘ ਪੁੱਤਰ ਸਰਦਾਰ ਪ੍ਰਕਾਸ਼ ਸਿੰਘ ਸਾਬਕਾ ਸਰਪੰਚ ਨੂੰ ਦਿੱਤੀ ਗਈ ਤੇ ਨਾਲ ਹੀ ਵੱਡੇ ਵੱਡੇ ਗੁਰਦੁਆਰਾ ਸਾਹਿਬ ਬਣਾਉਣ ਦੀ ਅਤੇ ਉੱਚੇ ਨਿਸ਼ਾਨ ਸਾਹਿਬ ਲਾਉਣ ਦੀ ਗੁਰੂ ਸਾਹਿਬਾਂ ਨੇ ਇਹੋ ਇਜਾਜ਼ਤ ਦਿੱਤੀ ਸੀ ਕਿ ਗੁਰੂ ਘਰ ਵਿੱਚ ਆਇਆ ਬੰਦਾ ਕਦੇ ਵੀ ਨਿਰਾਸ਼ ਨਾ ਜਾਵੇ ਸੋ ਉਸੇ ਨੂੰ ਦੇਖਦੇ ਆਂ ਅੱਜ ਪਿੰਡ ਦੇ ਲੋਕਾਂ ਨੇ ਇਹ ਫੈਸਲਾ ਲਿਆ ਕਿ ਆਪਣੇ ਕੋਲੋਂ 100 ਰੁ ਇਕੱਤਰ ਕਰਕੇ ਰੋਜਾਨਾ ਲੰਗਰ ਪਕਾ ਕੇ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਗੁਰੂ ਕਾ ਲੰਗਰ ਛਕਾਇਆ ਜਾਏਗਾ ਤੇ ਨਾਲ ਹੀ ਬੇਨਤੀ ਕੀਤੀ ਕਿ ਆਪਣੇ ਕੋਲੋਂ ਹੀ ਸਭ ਕੁਝ ਰਾਸ਼ਨ ਇਥੋਂ ਤੱਕ ਕਿ ਬਾਬਾ ਜੀ ਗੁਰਦੁਆਰਾ ਸਾਹਿਬ ਦੇ ਕੋਲੋਂ ਵੀ ਆਟਾ ਨਹੀਂ ਲਿਆ ਜਾਏਗਾ ਇਹ ਸੰਗਤਾਂ ਦੇ ਸਹਿਯੋਗ ਦੇ ਨਾਲ ਲੰਗਰ ਚਲਾਇਆ ਜਾਏਗਾ । ਇਸ ਕਮੇਟੀ ਦੇ ਮੈਂਬਰਾਂ ਨੇ ਸਾਰੇ ਨਗਰ ਦੇ ਲੋਕਾਂ ਨੂੰ ਅਤੇ ਸਾਡੇ ਬੱਚੇ ਜੋ ਬਾਹਰ ਵਿਦੇਸ਼ਾਂ ਦੇ ਵਿੱਚ ਬੈਠੇ ਹਨ ਉਹਨਾਂ ਨੂੰ ਬੇਨਤੀ ਕੀਤੀ ਕਿ ਇਸ ਕਮੇਟੀ ਦੇ ਵਿੱਚ ਵੱਧ ਤੋਂ ਵੱਧ ਆਪਣੇ ਨਾਮ ਲਿਖਾਓ ਤੇ ਨਾਲ ਜੋਗਦਾਨ ਸੇਵਾ ਪਾਓ ਅਸੀਂ ਲੋਕਾਂ ਦੇ ਪਿੰਡਾਂ ਦੇ ਵਿੱਚ ਲੰਗਰ ਛਕ ਕੇ ਆਉਂਦੇ ਆ ਤੇ ਲੋਕਾਂ ਦੀ ਸੋਭਾ ਪਿੰਡ ਵਿੱਚ ਆਣ ਕੇ ਕਰਦੇ ਆਂ ਇਸ ਲਈ ਸਾਡੇ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਵੀ ਲੰਗਰ ਦੀ ਸੁਵਿਧਾ ਹੋਣੀ ਬੜੀ ਜਰੂਰੀ ਹੈ ਸੋ ਆਪਾਂ ਆਪਣੇ ਨਗਰ ਦੇ ਗੁਰਦੁਆਰਾ ਸਾਹਿਬ ਦੇ ਵਿੱਚ 24 ਘੰਟੇ ਲੰਗਰ ਚਲਾ ਕੇ ਤੇ ਗੁਰੂ ਦੇ ਸੰਧਾਤ ਨੂੰ ਅਪਣਾਈਏ ਸੋ ਇਸ ਵਿੱਚ ਵੱਧ ਤੋਂ ਵੱਧ ਮੈਂਬਰ ਬਣਨ ਦੀ ਕੋਸ਼ਿਸ਼ ਕਰੋ ਤੇ ਸੇਵਾ ਤਨ ਕਰਕੇ ਮਨ ਕਰਕੇ ਧਨ ਕਰਕੇ ਪਾ ਕੇ ਧੰਨ ਧੰਨ ਬਾਬਾ ਹਰਨਾਮ ਸਿੰਘ ਜੀ ਅਤੇ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

**ਕਮੇਟੀ ਮੈਂਬਰਾਂ ਨੇ ਕਿਹਾ ਕਿ ਗੁਰੂ ਨਾਨਕ ਦੇ ਘਰ ਦਾ ਸਿਧਾਂਤ ਹੈ ਕਿ ਪਹਿਲੇ ਪੰਗਤ ਪਾਛੇ ਸੰਗਤ ਤੇ ਗੁਰੂ ਨਾਨਕ ਦੇ ਘਰ ਦੇ ਵਿੱਚ ਲੰਗਰ ਹਰ ਸਮੇਂ ਲੋੜਵੰਦ ਨੂੰ ਮਿਲਣਾ ਚਾਹੀਦਾ ਹੈ ਤੇ ਗੁਰੂ ਘਰ ਵਿੱਚ ਝੂਲਣ ਵਾਲਾ ਨਿਸ਼ਾਨ ਸਾਹਿਬ ਇਹੋ ਦਰਸਾਉਂਦਾ ਤੇ ਆਵਾਜ਼ਾਂ ਮਾਰਦਾ ਕਿ ਇਸ ਘਰ ਆਓ ਤੁਹਾਨੂੰ ਸਭ ਕੁਝ ਮਿਲੇਗਾ**

ਸੇਵਾ ਪਾਉਣ ਵਾਲੇ ਦਾਨੀ ਸੱਜਣ ਤੇ ਕਮੇਟੀ ਮੈਂਬਰ,, ਅਮਰਜੀਤ ਸਿੰਘ,ਸਰਵਨ ਸਿੰਘ ਸਰਪੰਚ ਖੰਗਰਵਸਤੀ ਵਸਤੀ, ਗੁਰਨਾਮ ਸਿੰਘ ਮੁਸਾਫ਼ਿਰ, ਸੁਖਪਾਲ ਸਿੰਘ ਵਕੀਲ, ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾਕਟਰ ਮਨਜੀਤ ਸਿੰਘ, ਚਮਕੋਰ ਸਿੰਘ,ਸਵਰਣ ਸਿੰਘ ਖਾਲਸਾ, ਬਲਦੇਵ ਸਿੰਘ ਬਜਾਜ, ਬਲਵਿੰਦਰ ਸਿੰਘ ਨਾਮਧਾਰੀ, ਗੁਰਪ੍ਰੀਤ ਸਿੰਘ,ਬਲਕਾਰ ਸਿੰਘ,ਗੁਰਚਰਨ ਸਿੰਘ, ਦਲਬੀਰ ਸਿੰਘ ਹਵੇਲੀ ਵਾਲੇ,ਬਗੀਚਾ ਸਿੰਘ, ਸੁਖਦੇਵ ਸਿੰਘ ਮੁਨੀ, ਜੋਗਿੰਦਰ ਸਿੰਘ,ਅਮਰਜੀਤ ਸਿੰਘ, ਸੁਖਮੰਦਰ ਸਿੰਘ ਸ਼ਾਤ, ਭਗਵਾਨ ਸਿੰਘ, ਸਤਨਾਮ ਸਿੰਘ ਟਿੰਕੂ ਆਦਿ ਹਾਜ਼ਰ ਸਨ।

ਗੁਰੂ ਕਾਸ਼ੀ ਯੂਨੀਵਰਸਿਟੀ ਦੀ

# ਦੋ ਰੋਜ਼ਾ ਅੰਤਰ-ਰਾਸ਼ਟਰੀ ਕਾਨਫਰੰਸ ਸਫਲਤਾਪੂਰਵਕ ਸੰਪੰਨ

ਤਲਵੰਡੀ ਸਾਬੋ 26 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੀ ਇਨੋਵੇਸ਼ਨ ਐਂਡ ਐਪਲੀਕੇਸ਼ਨ ਆਫ਼ ਆਰਟੀਫਿਸ਼ੀਅਲ ਇੰਟੈਂਲੀਜੈਂਸ ਵਿਸ਼ੇ 'ਤੇ ਆਧਾਰਿਤ ਦੋ ਰੋਜ਼ਾ ਅੰਤਰ-ਰਾਸ਼ਟਰੀ ਕਾਨਫਰੰਸ ਸਫਲਤਾਪੂਰਵਕ ਸੰਪੰਨ ਹੋਈ। ਜਿਸ ਦੇ ਦੂਜੇ ਦਿਨ ਇਨਾਮ ਵੰਡ ਸਮਾਰੋਹ ਵਿੱਚ ਪ੍ਰੋ.(ਡਾ.) ਰਾਮੇਸ਼ਵਰ ਸਿੰਘ ਉਪ ਕੁਲਪਤੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾ.ਮੁਖਤਿਆਰ ਸਿੰਘ ਧੰਜੂ ਟਰਸੱਟੀ ਗੁਰੂ ਤੇਗ ਬਹਾਦੁਰ ਨੈਸ਼ਨਲ ਕਾਲਜ ਦਾਖਾ ਲੁਧਿਆਣਾ, ਡਾ. ਜਗਤਾਰ ਸਿੰਘ ਧੀਮਾਨ ਪਰੋ. ਵਾਈਸ ਚਾਂਸਲਰ ਤੇ ਡਾ. ਪੀਯੂਸ਼ ਵਰਮਾ ਰਜਿਸਟਰਾਰ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਮੁੱਖ ਮਹਿਮਾਨ ਡਾ. ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਏ.ਆਈ ਮਨੁੱਖ ਦੀ ਹਰ ਗਤੀਵਿਧੀ ਨੂੰ ਪ੍ਰਭਾਵਿਤ ਕਰ ਰਹੀ ਹੈ ਹੁਣ ਲੋੜ ਹੈ ਸਾਡੇ ਸਾਇੰਸਦਾਨਾਂ ਤੇ ਖੋਜਾਰਥੀਆਂ ਨੂੰ ਕਿ ਉਹ ਸਰਬੱਤ ਦੇ ਭਲੇ ਲਈ ਇਸ ਦੀ ਸੁਚੱਜੀ ਵਰਤੋਂ ਕਰਨ। ਉਨ੍ਹਾਂ ਕਾਨਫਰੰਸ ਦੇ ਆਯੋਜਕਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਕੂਲੀ ਵਿਦਿਆਰਥੀਆਂ ਨੂੰ ਇਸ ਆਯੋਜਨ ਵਿੱਚ ਸ਼ਾਮਲ ਕਰਨਾ ਇੱਕ ਨਿਵੇਕਲਾ ਤੇ ਪ੍ਰਭਾਵਕਾਰੀ ਕਦਮ ਹੈ। ਵਿਸ਼ੇਸ਼ ਮਹਿਮਾਨ ਡਾ. ਧੰਜੂ ਨੇ ਏ.ਆਈ ਨੂੰ ਸਾਡੀ ਜ਼ਿੰਦਗੀ ਦਾ ਅਹਿਮ ਹਿੱਸਾ ਦੱਸਿਆ ਤੇ ਕਿਹਾ ਕਿ ਸਾਨੂੰ ਇਸਤੋਂ ਡਰਨ ਦੀ ਨਹੀਂ ਸਗੋਂ ਫਾਇਦਾ ਲੈਣ ਦੀ ਲੋੜ ਹੈ। ਡਾ. ਜਗਤਾਰ ਸਿੰਘ ਧੀਮਾਨ ਪਰੋ. ਵਾਈਸ ਚਾਂਸਲਰ ਨੇ ਆਪਣੀ ਸਮਾਪਤੀ ਟਿੱਪਣੀ ਵਿੱਚ ਦੱਸਿਆ ਕਿ ਇਸ ਕਾਨਫਰੰਸ ਵਿੱਚ ਕਈ ਦੇਸ਼ਾਂ ਤੇ 11 ਰਾਜਾਂ ਦੇ ਵਿੱਦਿਅਕ ਅਦਾਰਿਆਂ ਦੇ 505 ਖੋਜਾਰਥੀਆਂ ਤੇ ਵਿਦਿਆਰਥੀਆਂ ਨੇ ਹਿੱਸਾ ਲਿਆ। ਵਰਨਣਯੋਗ ਹੈ ਕਿ ਇਸ ਵਿੱਚ ਸਕੂਲ ਅਤੇ ਉਦਯੋਗਾਂ ਦੇ ਪ੍ਰਤੀਨਿਧੀਆਂ ਨੇ ਵੀ ਸ਼ਿਰਕਤ ਕੀਤੀ। 28 ਮੈਂਬਰਾਂ ਦੇ ਅੰਤਰਰਾਸ਼ਟਰੀ ਸਲਾਹਕਾਰ ਬੋਰਡ ਨੇ ਆਈ.ਸੀ.ਆਈ.ਏ.ਆਈ-2025 ਦਾ ਖਰੜਾ ਤਿਆਰ ਕੀਤਾ। ਉਨ੍ਹਾਂ ਕਿਹਾ ਕਿ ਇਸ ਕਾਨਫਰੰਸ ਦਾ ਮੰਤਵ ਸਿੱਖਿਆ, ਉਦਯੋਗਾਂ ਅਤੇ ਨੀਤੀ ਘਾੜਿਆਂ ਵਿਚਕਾਰ ਕੜੀ ਦਾ ਕੰਮ ਕਰਨਾ ਹੈ। ਡਾ. ਵਿਜੈ ਲਕਸ਼ਮੀ ਕਨਵੀਨਰ ਵੱਲੋਂ ਦਿੱਤੇ ਕਾਨਫਰੰਸ ਮੁਕਾਬਲਿਆਂ ਦੇ ਨਤੀਜਿਆਂ ਅਨੁਸਾਰ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਰੋਬੋਟਿਕ ਮਾਡਲ ਨੇ ਪਹਿਲਾ ਸਥਾਨ ਹਾਸਿਲ ਕੀਤਾ। ਜਿਸ ਦੀ ਫਰੈਂਡਸ ਯੂਨੀਵਰਸਿਟੀ ਅਮਰੀਕਾ ਦੇ ਅਧਿਕਾਰੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਸਕੂਲ ਬੱਚਿਆਂ ਦੇ ਪ੍ਰੈਜ਼ੈਂਟੇਸ਼ਨ ਮੁਕਾਬਲੇ ਵਿੱਚ ਦੀ ਸੰਸਕਾਰ ਸਕੂਲ ਤਲਵੰਡੀ ਸਾਬੋ ਦੇ ਸਮਕਸ਼ ਨੇ ਪਹਿਲਾ, ਸਿਲਵਰ ਆਕਸ ਸਕੂਲ ਬਠਿੰਡਾ ਦੀ ਅਨੰਨਯਾ ਗੁਪਤਾ ਨੇ ਦੂਜਾ ਤੇ ਰਬਾਬ ਸਿੱਧੂ ਨੇ ਤੀਜਾ ਸਥਾਨ ਹਾਸਿਲ ਕੀਤਾ। ਸਿੱਖਿਆ ਵਿੱਚ ਏ.ਆਈ. ਦੀ ਮਹੱਤਤਾ ਵਿਸ਼ੇ 'ਤੇ ਦਿੱਤੀ ਪ੍ਰੈਜ਼ੈਂਟੇਸ਼ਨ ਵਿੱਚ ਸਮਰਿਧੀ ਸੰਸਕਾਰ ਸਕੂਲ ਨੇ ਪਹਿਲਾ, ਅਰਸ਼ਪ੍ਰੀਤ ਕੌਰ ਨੇ ਦੂਜਾ ਤੇ ਮਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਡਾ. ਵਿਕਾਸ ਗੁਪਤਾ, ਡਾ. ਜੀਨੀਅਸ ਵਾਲੀਆ ਦਾ ਮੰਚ ਸੰਚਾਲਨ ਤੇ ਕਾਨਫਰੰਸ ਦਾ ਸਮੇਂਬੱਧ ਤੇ ਤਰਤੀਬ ਬੱਧ ਪ੍ਰਬੰਧ ਕਾਬਿਲ-ਏ-ਤਾਰੀਫ ਰਿਹਾ। ਨਿਖਿਲ ਕੁਮਾਰ ਨੇ ਵਿਦਿਆਰਥੀਆਂ ਨੇ ਪ੍ਰਤੀਨਿਧੀ ਵਜੋਂ ਸਭਨਾਂ ਨੂੰ ਧੰਨਵਾਦੀ ਸ਼ਬਦ ਕਹੇ।



# ਸਿਹਤ ਵਿਭਾਗ ਵੱਲੋਂ ਆਰੀਆ ਪੁਤਰੀ ਪਾਠਸ਼ਾਲਾ ਸਕੂਲ ਵਿੱਚ ਮਲੇਰੀਆ, ਡੇਂਗੂ ਸਬੰਧੀ ਦਿੱਤੀ ਜਾਣਕਾਰੀ



**ਤਲਵੰਡੀ ਸਾਬੋ, 26 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਸਿਵਲ ਸਰਜਨ ਡਾਕਟਰ ਗੁਰਜੀਤ ਸਿੰਘ ਅਤੇ ਜ਼ਿਲ੍ਹਾ ਸਿਹਤ ਅਫ਼ਸਰ ਡਾਕਟਰ ਊਸ਼ਾ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਅਤੇ ਏਐਮਓ ਹਰਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਆਰੀਆ ਪੁਤਰੀ ਪਾਠਸ਼ਾਲਾ ਸਕੂਲ ਵਿੱਚ ਮਲੇਰੀਆ, ਡੇਂਗੂ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਕੁਲਦੀਪ ਸਿੰਘ ਮਲਟੀਪਰਪਜ਼ ਹੈਲਥ ਸੁਪਰਵਾਈਜਰ ਅਤੇ ਹਰਪਾਲ ਸਿੰਘ ਗਿਆਨਾ ਮਲਟੀਪਰਪਜ਼ ਹੈਲਥ ਵਰਕਰ ਨੇ ਮਲੇਰੀਆ ਸਬੰਧੀ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਮਲੇਰੀਆ ਇੱਕ ਐਨਾਫਲੀਜ ਫੀਮੇਲ ਮੱਛਰ ਦੇ ਕੱਟਣ ਨਾਲ ਫੈਲਦਾ ਇਹ ਮੱਛਰ ਰਾਤ ਵੇਲੇ ਕੱਟਦਾ ਹੈ। ਇਸ ਨਾਲ ਬਹੁਤ ਜ਼ਿਆਦਾ ਠੰਢ ਲੱਗ ਕੇ ਬੁਖਾਰ ਹੁੰਦਾ ਹੈ। ਇਸ ਨੂੰ ਹੱਡ ਤੋੜ ਬੁਖਾਰ ਵੀ ਕਹਿੰਦੇ ਹਨ ਇਹ ਮੱਛਰ ਸਾਫ ਪਾਣੀ ਵਿਚ ਪੈਦਾ ਹੁੰਦਾ ਹੈ ਜਿਵੇ ਕਿ ਕੂਲਰਾਂ ਦਾ ਪਾਣੀ, ਫਰਿੱਜਾਂ ਦੀਆਂ ਟਰੇਆਂ, ਮਨੀ ਪਲਾਂਟ ਦੀਆਂ ਬੋਤਲਾਂ, ਪੰਛੀਆਂ ਦੇ ਕਟੋਰੇ ,ਪਸ਼ੂਆਂ ਨੂੰ ਪਾਣੀ ਪਿਲਾਉਣ ਵਾਲੀਆਂ ਹੌਦੀਆਂ ਅਤੇ ਜ਼ਿਆਦਾਤਰ ਘਰਾਂ ਦੇ ਨੇੜੇ ਛੋਟੇ-ਛੋਟੇ ਟੋਇਆਂ ਵਿੱਚ ਪਾਣੀ ਆਦਿ ਨੂੰ ਹਫਤੇ ਵਿੱਚ ਇੱਕ ਵਾਰ ਖਾਲੀ ਕਰਕੇ ਸੁਕਾਇਆ ਜਾਵੇ ਅਤੇ ਆਲ਼ੇ-ਦੁਆਲ਼ੇ ਛੋਟੇ ਟੋਇਆਂ ਨੂੰ ਮਿੱਟੀ ਨਾਲ ਭਰ ਦਿੱਤਾ ਜਾਵੇ ਜਾਂ ਕਾਲੇ ਤੇਲ ਦਾ ਛਿੜਕਾਅ ਕੀਤਾ ਜਾਵੇ। ਉਹਨਾਂ ਦੱਸਿਆ ਕਿ ਫਾਲਤੂ ਪਿਆ ਘਰਾਂ ਵਿੱਚੋਂ ਕਵਾੜ ਚੁਕਾਇਆ ਜਾਵੇ ਅਤੇ ਜੇਕਰ ਕਿਸੇ ਨੂੰ ਬੁਖਾਰ ਹੋਵੇ ਤਾਂ ਨੇੜੇ ਦੇ ਸਬ ਸੈਂਟਰ ਜਾਂ ਹਸਪਤਾਲ ਵਿੱਚ ਟੈਸਟ ਕਰਵਾ ਕੇ ਦਵਾਈ ਲਈ ਜਾਵੇ। ਇਸ ਬੁਖਾਰ ਵਿੱਚ ਜ਼ਿਆਦਾਤਰ ਪੈਰਾਸਿਟਾਮੋਲ ਗੋਲੀ ਹੀ ਦਿੱਤੀ ਜਾਂਦੀ ਹੈ ਇਸ ਤੋਂ ਬਚਾਅ ਲਈ ਸਰੀਰ ਨੂੰ ਪੂਰਾ ਢੱਕ ਕੇ ਰੱਖੋ, ਪੂਰੀਆਂ ਬਾਹਾਂ ਦੇ ਕੱਪੜੇ ਪਾ ਕੇ ਰੱਖੋ, ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਅਤੇ ਮੱਛਰਦਾਨੀਆਂ ਦੀ ਵਰਤੋਂ ਕਰੋ।

# ਜਗਾ ਰਾਮ ਤੀਰਥ ਦੇ ਮਜ਼ਦੂਰ ਦੀਆਂ ਅੱਠ ਬੱਕਰੀਆਂ ਮਰੀਆਂ



**ਤਲਵੰਡੀ ਸਾਬੋ, 26 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾ ਰਾਮ ਤੀਰਥ ਵਿਖੇ ਇੱਕ ਗਰੀਬ ਮਜ਼ਦੂਰ ਪਰਿਵਾਰ ਦੀਆਂ ਬੱਕਰੀਆ ਮਰਨ ਦਾ ਸਮਾਂਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਖੁਸ਼ੀ ਸਿੰਘ ਪੁੱਤਰ ਬਾਬੂ ਸਿੰਘ ਨੇ ਪੱਤਰਕਾਰਾਂ ਨਾਲ ਭਰੇ ਹੋਏ ਮਨ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੈਂ ਇੱਕ ਗਰੀਬ ਮਜ਼ਦੂਰ ਬੱਕਰੀਆਂ ਚਾਰਦਾ ਹਾਂ ਅਤੇ ਬੱਕਰੀਆਂ ਚਾਰ ਕੇ ਆਪਣਾ ਗੁਜ਼ਾਰਾ ਕਰਦਾ ਹਾਂ। ਦੋ ਦਿਨਾਂ ਦੇ ਵਿੱਚ ਕਿਸੇ ਬਿਮਾਰੀ ਕਾਰਨ ਮੇਰੀਆਂ ਅੱਠ ਬੱਕਰੀਆਂ ਦੀ ਅਚਾਨਕ ਮੌਤ ਹੋ ਗਈ ਹੈ। ਪੀੜਿਤ ਮਜ਼ਦੂਰ ਨੇ ਮੰਗ ਕੀਤੀ ਹੈ ਕਿ ਸਰਕਾਰ ਵੱਲੋਂ ਸਰਕਾਰੀ ਡਾਕਟਰ ਭੇਜ ਕੇ ਇਸ ਬਿਮਾਰੀ ਦੀ ਜਾਂਚ ਕੀਤੀ ਜਾਵੇ ਅਤੇ ਬਾਕੀ ਰਹਿੰਦੀਆਂ ਬੱਕਰੀਆਂ ਨੂੰ ਚੰਗੀ ਦਵਾਈ ਦੇ ਕੇ ਬਚਾਇਆ ਜਾਵੇ। ਇਸ ਮੌਕੇ ਪਿੰਡ ਦੇ ਮੋਹਤਬਰ ਵਿਅਕਤੀਆਂ ਅਤੇ ਪੰਚਾਇਤ ਨੇ ਪੰਜਾਬ ਸਰਕਾਰ ਤੋਂ ਮਦਦ ਦੀ ਗੁਹਾਰ ਲਗਾਈ ਹੈ।

## ਗੀਤ

ਜੀਵਨ ਦੇ ਵਿਚ ਧੁੱਪਾਂ ਛਾਵਾਂ ਵਾਲੇ ਆਉਂਦੇ ਰਸਤੇ।
ਮੰਜ਼ਿਲ ਉਹੋ ਪਾਉਂਦੇ ਜਿਹੜੇ ਮੰਜ਼ਿਲ ਪਾਉਂਦੇ ਰਸਤੇ।
ਕਿੱਦਾਂ ਰੋਕ ਸਕੋਗੇ ਫਿਰ ਸਰ-ਸਰ ਤੇਜ਼ ਹਵਾਵਾਂ ਨੂੰ।
ਜਿੰਨ੍ਹਾਂ ਨੇ ਵਰ੍ਹ ਜਾਣਾ ਹੈ ਉਹਨਾਂ ਘੋਰ ਘਟਾਵਾਂ ਨੂੰ।
ਥੋਰਾਂ ਦੇ ਰਸਤੇ ਵਿਚ ਥੋਰਾਂ ਨੂੰ ਸਮਝਾਉਂਦੇ ਰਸਤੇ।
ਜੀਵਨ ਦੇ ਵਿਚ ਧੁੱਪਾਂ ਛਾਵਾਂ ਵਾਲੇ ਆਉਂਦੇ ਰਸਤੇ।
ਸਾਹਾਂ ਦੇ ਵਿਚ ਹਿੱਸਾ ਹੁੰਦੇ, ਹਿੱਸਾ ਹੁੰਦੇ ਬਾਵ੍ਹਾਂ ਦਾ।
ਜਿੱਥੇ ਸੂਰਜ ਚੜ੍ਹਿਆ ਹੈ ਸ਼ਿਖ਼ਰ ਦੁਪਹਿਰੇ ਚਾਵਾਂ ਦਾ।
ਬੀਤੇ ਸਮਿਆਂ ਦੇ ਵਿਚ ਗੁਜ਼ਰੇ ਉਹ ਤੜਪਾਉਂਦੇ ਰਸਤੇ।
ਜੀਵਨ ਦੇ ਵਿਚ ਧੁੱਪਾਂ ਛਾਵਾਂ ਵਾਲੇ ਆਉਂਦੇ ਰਸਤੇ।
ਰਿਸ਼ਤਾ ਜਿੰਨ੍ਹਾਂ ਉਪਲਬਧੀ ਦੇ ਗਹਿਣੇ ਪਾ ਕੇ ਪਾਇਆ।
ਉਹਨਾਂ ਦੇ ਹੀ ਹਿੱਸੇ ਸਾਰਾ ਧਰਤੀ ਅੰਬਰ ਆਇਆ।
ਵਿੱਚ ਤਰਨੁੰਮ ਵਿਚ ਤਬਸੁੰਮ ਉਹ ਨੇ ਗਾਉਂਦੇ ਰਸਤੇ।
ਜੀਵਨ ਦੇ ਵਿਚ ਧੁੱਪਾਂ ਛਾਵਾਂ ਵਾਲੇ ਆਉਂਦੇ ਰਸਤੇ।
ਜਿੱਥੇ ਸੁਖਦ ਬਹਾਰਾਂ ਦੇ ਨਾਲ ਹੱਸੇ ਨੱਚੇ ਗਾਏ।
ਖ਼ੁਸ਼ਬੂ ਦੀ ਮਹਿਸੂਸਣ ਜਿਹੜੇ ਸੀਨੇ ਨਾਲ ਲਗਾਏ।
ਅੱਜ ਵੀ ਯਾਦਾਂ ਦੇ ਗੁਲਸ਼ਨ 'ਚੋਂ ਫੇਰ ਬੁਲਾਉਂਦੇ ਰਸਤੇ।
ਜੀਵਨ ਦੇ ਵਿਚ ਧੁੱਪਾਂ ਛਾਵਾਂ ਵਾਲੇ ਆਉਂਦੇ ਰਸਤੇ।
ਨਿੱਤ ਹੀ ਆਵਾਂ ਜਾਵਾਂ ਲੈ ਕੇ ਮੰਨਤ ਨਾਲ ਦੁਆਵਾਂ।
ਜੋ ਵੀ ਮਿਲਿਆ ਉਸ ਵਿਚ ਸਾਰਾ ਰੱਬ ਦਾ ਸ਼ੁਕਰ ਮਨਾਵਾਂ।
ਸੂਰਜ ਚੰਨ ਸਿਤਾਰੇ ਜਿੱਥੇ ਰੋਜ਼ ਜਗਾਉਂਦੇ ਰਸਤੇ।
ਜੀਵਨ ਦੇ ਵਿਚ ਧੁੱਪਾਂ ਛਾਵਾਂ ਵਾਲੇ ਆਉਂਦੇ ਰਸਤੇ।
ਜਿੱਥੇ ਤੇਰੇ ਹਾਸੇ ਡੁੱਲ੍ਹੇ ਜਿੱਥੇ ਹੰਝੂ ਡੁੱਲੇ।
ਜਿੱਥੇ ਭੇਦ ਮੁਹੱਬਤ ਵਾਲੇ ਬੁੱਲਾਂ ਵਿੱਚੋਂ ਖੁੱਲ੍ਹੇ।
ਅੱਜ ਵੀ ਤੇਰੀਆਂ ਯਾਦਾਂ ਅੰਦਰ ਰੋਜ਼ ਸਜਾਉਂਦੇ ਰਸਤੇ।
ਜੀਵਨ ਦੇ ਵਿਚ ਧੁੱਪਾਂ ਛਾਵਾਂ ਵਾਲੇ ਆਉਂਦੇ ਰਸਤੇ।
ਬਾਲਮ ਵਿਦਿਆ ਵਾਲੀ ਜਿੱਥੇ ਪੂਰਨਤਾ ਹੈ ਪਾਈ।
ਜੀਵਨ ਦੀ ਉਚ ਪਦਵੀ ਵਾਲੀ ਡੋਲੀ ਖ਼ੂਬ ਸਜਾਈ।
ਵਿਦਿਆਲੇ ਦੇ ਵੱਲ ਜਾਂਦੇ ਮੰਦਿਰ ਅਖਵਾਉਂਦੇ ਰਸਤੇ।
ਜੀਵਨ ਦੇ ਵਿਚ ਧੁੱਪਾਂ ਛਾਵਾਂ ਵਾਲੇ ਆਉਂਦੇ ਰਸਤੇ।

**-ਬਲਵਿੰਦਰ ਬਾਲਮ ਗੁਰਦਾਸਪੁਰ, ਉਂਕਾਰ ਨਗਰ, ਗੁਰਦਾਸਪੁਰ ਪੰਜਾਬ**
**ਮੋ. 98156-25409**

### ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਦਿਹਾੜੇ ਦੀ

# 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਆਯੋਜਤ



**ਨਵੀਂ ਦਿੱਲੀ, 26 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਅੱਜ ਸ਼੍ਰੋਮਣੀ ਕਮੇਟੀ ਦੀ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ, ਕਥਾ ਵਿਚਾਰ ਦੇ ਨਾਲ-ਨਾਲ ਕਵੀਸ਼ਰੀ ਅਤੇ ਕਵਿਤਾ ਰਾਹੀਂ ਹਾਜ਼ਰੀ ਭਰੀ। ਇਸ ਦੌਰਾਨ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਵਿਦਿਅਕ ਸੰਸਥਾਵਾਂ ਵੱਲੋਂ ਵਿਸ਼ੇਸ਼ ਤੌਰ ’ਤੇ ਕਲਾ ਪ੍ਰਦਰਸ਼ਨੀਆਂ ਲਗਾਈਆਂ ਗਈਆਂ, ਜੋ ਸੰਗਤਾਂ ਲਈ ਖਿੱਚ ਦਾ ਕੇਂਦਰ ਬਣੀਆਂ। ਇਸ ਦੇ ਨਾਲ ਹੀ ਗਤਕਾ ਮੁਕਾਬਲੇ ਵੀ ਪ੍ਰਭਾਵਸ਼ਾਲੀ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਨਵੰਬਰ 2025 ਵਿਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਤਾਬਦੀ ਸਮਾਗਮ ਹੋਣੇ ਹਨ, ਜਿਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸਮਾਗਮਾਂ ਦੀ ਲੜੀ ਚੱਲ ਰਹੀ ਹੈ। ਇਸੇ ਤਹਿਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ’ਤੇ ਸਿੱਖ ਸੰਸਥਾ ਦੇ ਪ੍ਰਬੰਧ ਅਧੀਨ ਚੱਲਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦਾ ਇਹ ਵਿਸ਼ੇਸ਼ ਸਮਾਗਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਮਾਗਮ ਦਾ ਮੰਤਵ ਬੱਚਿਆਂ ਅਤੇ ਨੌਜੁਆਨਾਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਨਾ ਅਤੇ ਇਤਿਹਾਸ ਦੀ ਜਾਣਕਾਰੀ ਦੇਣਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਆਪਣੀਆਂ ਵਿਦਿਅਕ ਸੰਸਥਾਵਾਂ ਵਿੱਚ ਦੁਨਿਆਵੀ ਵਿਦਿਆ ਦੇ ਨਾਲ ਨਾਲ ਬੱਚਿਆਂ ਨੂੰ ਆਪਣੀ ਵਿਰਾਸਤ ਨਾਲ ਜੋੜਣ ਦਾ ਵੀ ਉਪਰਾਲਾ ਕਰਦੀ ਹੈ। ਵਿਦਿਆਰਥੀਆਂ ਨੂੰ ਧਰਮ ਦੀ ਸਿੱਖਿਆ ਦੇਣ ਦੇ ਨਾਲ ਸਿੱਖ ਜੰਗਜੂ ਕਲਾ ਗਤਕੇ ਦੀ ਵੀ ਸਿੱਖਿਆ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਖ਼ੁਸ਼ੀ ਦੀ ਗੱਲ ਹੈ ਕਿ ਅੱਜ ਦੇ ਸਮਾਗਮ ਵਿਚ ਵਿਦਿਆਰਥੀਆਂ ਵੱਲੋਂ ਜਿਥੇ ਗੁਰਬਾਣੀ ਕੀਰਤਨ ਕੀਤਾ ਗਿਆ, ਉਥੇ ਹੀ ਕਥਾ-ਵਿਚਾਰਾਂ ਅਤੇ ਕਵੀਸ਼ਰੀ ਰਾਹੀਂ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਸ਼ਤਾਬਦੀ ਸਮਾਗਮਾਂ ਵਿਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ ਜਾਵੇ।

ਇਸੇ ਦੌਰਾਨ ਘੰਟਾ ਘਰ ਪਲਾਜੇ ਵਿਖੇ ਵਿਸ਼ੇਸ਼ ਤੌਰ ’ਤੇ ਸਿੱਖ ਜੰਗਜੂ ਕਲਾ ਗਤਕਾ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆ ਵਿਚ ਵੱਖ ਵੱਖ ਵਿਦਿਅਕ ਅਦਾਰਿਆਂ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਦਾ ਸੰਗਤਾਂ ਨੇ ਵੀ ਆਨੰਦ ਮਾਣਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਸ. ਗੁਰਮੀਤ ਸਿੰਘ ਬੂਹ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਅਮਰਜੀਤ ਸਿੰਘ ਬੰਡਾਲਾ, ਭਾਈ ਮਨਜੀਤ ਸਿੰਘ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ. ਹਰਭਜਨ ਸਿੰਘ ਵਕਤਾ, ਡਿਪਟੀ ਡਾਇਰੈਕਟਰ ਬੀਬੀ ਸਤਵੰਤ ਕੌਰ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਯੁਵਰਾਜ ਸਿੰਘ, ਪ੍ਰਿੰਸੀਪਲ ਸ. ਕੁਲਵਿੰਦਰ ਸਿੰਘ, ਪ੍ਰਿੰਸੀਪਲ ਸ. ਚਰਨਜੀਤ ਸਿੰਘ, ਪ੍ਰਿੰਸੀਪਲ ਸ. ਹਰਮਨਦੀਪ ਸਿੰਘ, ਪ੍ਰਿੰਸੀਪਲ ਸ. ਸੁਖਦੀਪ ਸਿੰਘ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਸ. ਕਾਰਜ ਸਿੰਘ, ਸ. ਬਲਜੀਤ ਸਿੰਘ ਤੇ ਸੰਗਤਾਂ ਮੌਜੂਦ ਸਨ।

### ਪਹਿਲਗਾਮ ਮਸਲੇ ’ਤੇ ਰਾਜਨੀਤੀ ਕਰਨ ਦੀ ਥਾਂ

# ਵਿਦੇਸ਼ੀ ਏਜੰਸੀਆਂ ਤੋਂ ਕਰਵਾਈ ਜਾਏ ਜਾਂਚ ਪੜਤਾਲ: ਨਿਰਪ੍ਰੀਤ ਕੌਰ



**ਨਵੀਂ ਦਿੱਲੀ 26 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਪਹਿਲਗਾਮ ਵਿਖ਼ੇ ਹੋਏ ਦਰਦਨਾਕ ਹਮਲੇ ਦੀ ਜਿਤਨੀ ਨਿਖੇਧੀ ਕੀਤੀ ਜਾਏ ਓਹ ਘੱਟ ਹੈ ਕਿਉਕਿ ਇਹ ਹਮਲਾ ਇਕ ਗਿਣੀ ਮਿੱਥੀ ਸਾਜ਼ਿਸ਼ ਅਧੀਨ ਮਾਨਵਤਾ ਉਪਰ ਕੀਤਾ ਗਿਆ ਹੈ । ਇਸ ਹਮਲੇ ਵਿਚ ਮਾਰੇ ਗਏ ਅਤੇ ਜਖਮੀ ਹੋਏ ਪੀੜਿਤ ਪਰਿਵਾਰਾਂ ਨਾਲ ਸਾਡੀ ਡੂੰਘੀ ਹਮਦਰਦੀ ਹੈ । ਬੀਬੀ ਨਿਰਪ੍ਰੀਤ ਕੌਰ ਜੋ ਕਿ ਦਿੱਲੀ ਸਿੱਖ ਕਤਲੇਆਮ ਦੇ ਪੀੜਿਤ, ਸੱਜਣ ਕੁਮਾਰ ਨੂੰ ਜੇਲ੍ਹ ਅੰਦਰ ਡੱਕਣ ਵਿਚ ਮੁੱਖ ਗਵਾਹ ਅਤੇ ਸਿੱਖ ਕਤਲੇਆਮ ਨਾਲ ਸੰਬੰਧਿਤ ਬਹੁਤ ਸਾਰੇ ਕੇਸਾਂ ਦੀ ਪੈਰਵੀ ਕਰ ਰਹੇ ਹਨ ਨੇ ਕਿਹਾ ਕਿ ਇਸ ਹਮਲੇ ਵਿਚ ਇਕ ਗੱਲ ਸਾਹਮਣੇ ਆ ਰਹੀ ਹੈ ਕਿ ਗੋਲੀ ਚਲਾਣ ਤੋਂ ਪਹਿਲਾਂ ਨਾਮ ਪੁੱਛਿਆ ਗਿਆ ਸੀ ਜਿਸ ਤੇ ਸਾਨੂੰ ਨਵੰਬਰ 1984 ਦੇ ਓਹ ਦਿਨ ਯਾਦ ਆ ਗਏ ਹਨ ਜਦੋ ਦਿੱਲੀ ਅਤੇ ਵੱਖ ਵੱਖ ਸ਼ਹਿਰਾਂ ਅੰਦਰ ਠੀਕ ਇਸੇ ਤਰ੍ਹਾਂ ਪੁਲਿਸ ਨਾਲ ਮਿਲੀਭੁਗਤ ਅਧੀਨ ਸਿੱਖਾਂ ਦੀ ਨਿਸ਼ਾਨ ਦੇਹੀ ਕਰਕੇ ਉਨ੍ਹਾਂ ਨੂੰ ਮਾਰਿਆ ਗਿਆ ਸੀ, ਬੀਬੀਆਂ ਨਾਲ ਜਬਰਜਿਨਾਹ ਕੀਤਾ ਗਿਆ ਸੀ, ਰਾਹ ਜਾਂਦੇ ਸਿੱਖਾਂ ਦੇ ਗਲੇ ਵਿਚ ਟਾਇਰ ਪਾ ਕੇ ਜਿਓੁਂਦੇ ਜੀਅ ਸਾੜਿਆ ਗਿਆ ਸੀ ਤੇ ਭੰਗੜੇ ਪਾ ਕੇ ਕਿਹਾ ਜਾ ਰਿਹਾ ਸੀ ਕਿ ਦੇਖੋ ਸਿੱਖੜਾ ਨਾਚ ਰਹਾ ਹੈ ਇਥੋਂ ਤਕ ਕਹਿਰ ਮਚਾਇਆ ਗਿਆ ਸੀ ਕਿ ਦੁੱਧ ਚੁੰਘਦੇ ਬਚਿਆਂ ਉਪਰ ਵੀ ਰਹਿਮ ਨਹੀਂ ਕੀਤਾ ਗਿਆ ਸੀ । ਇਸੇ ਤਰ੍ਹਾਂ ਗੁਜਰਾਤ ਵਿਚ ਗੋਧਰਾ ਕਾਂਡ ਅਤੇ ਯੂਪੀ ਵਿਚ ਮੁਸਲਮਾਨਾਂ ਦਾ ਸਰੇਆਮ ਕਤਲੇਆਮ ਕੀਤਾ ਗਿਆ । ਨਵੰਬਰ 1984, ਕਸ਼ਮੀਰ ਦੇ ਚਿਠੀਸਿੰਘਪੁਰਾ ਗੋਧਰਾ ਕਾਂਡ ਕਰਣ ਵਾਲਿਆਂ ਨੂੰ ਹਿੰਦੂ ਅੱਤਵਾਦੀ ਕਹਿਣਾ ਗਲਤ ਨਹੀਂ ਹੈ ਕਿਉਕਿ ਜਿਤਨਾ ਕਹਿਰ ਇੰਨ੍ਹਾ ਨੇ ਮਚਾਇਆ ਸੀ ਹੋਰ ਕਿਸੇ ਨੇ ਬੇਦੋਸ਼ਿਆਂ ਨਾਲ ਨਹੀਂ ਕੀਤਾ ਹੋਣਾ ਹੈ । ਜਦੋ ਬਿਲ ਕਲਿੰਟਨ ਭਾਰਤ ਆਇਆ ਤਦ ਕਸ਼ਮੀਰ ਵਿਚ 35 ਸਿੱਖਾਂ ਨੂੰ ਗੋਲੀਆਂ ਮਾਰ ਦਿਤੀਆਂ ਗਈਆਂ ਉਪਰੰਤ ਜਦੋ ਟਰੰਪ ਆਏ ਤਦ ਦਿੱਲੀ ਅੰਦਰ ਹਿੰਦੂ ਮੁਸਲਿਮ ਦੰਗੇ ਹੋ ਗਏ ਤੇ ਹੁਣ ਜੇ ਡੀ ਬੈਂਸ ਦੇ ਆਣ ਤੇ ਪਹਿਲਗਾਮ ਵਿਖ਼ੇ 28 ਬੇਗੁਨਾਹ ਕਤਲ ਕਰ ਦਿੱਤੇ ਗਏ । ਇਹ ਸਭ ਕਿਸੇ ਉੱਚ ਵਿਦੇਸ਼ੀ ਸਖ਼ਸ਼ੀਅਤ ਦੇ ਭਾਰਤ ਆਣ ਤੇ ਜਾਂ ਫੇਰ ਕਿਸੇ ਰਾਜ ਅੰਦਰ ਚੋਣਾਂ ਹੋਣੀਆਂ ਹੁੰਦੀਆਂ ਹਨ ਤਦ ਹੀ ਇਸ ਦਾ ਦਰਦਨਾਕ ਹਾਦਸਾ ਵਾਪਰਦਾ ਹੈ ਜਿਸ ਨੂੰ ਤੱਤਕਾਲੀ ਸਰਕਾਰਾਂ ਆਪਣੇ ਹਕ. ਵਿਚ ਭੁਗਤਾਦੀਆਂ ਹਨ । ਦਿੱਲੀ ਅਤੇ ਹੋਰ ਰਾਜਾਂ ਅੰਦਰ ਕੀਤੇ ਗਏ 41 ਸਾਲ ਪਹਿਲਾਂ ਸਿੱਖਾਂ ਦੇ ਕਤਲੇਆਮ ਦੇ ਦੋਸ਼ੀ ਹਾਲੇ ਤਕ ਖੁਲੇਆਮ ਘੁੰਮ ਰਹੇ ਹਨ ਉਲਟਾ ਕੁਝ ਦੋਸ਼ੀਆਂ ਨੂੰ ਵਜ਼ੀਰੀਆਂ ਅਤੇ ਤਰੱਕੀਆਂ ਦਿਤੀਆਂ ਗਈਆਂ ਹਨ, ਜਦੋ ਦੋਸ਼ੀਆਂ ਤੇ ਨਕੇਲ ਕਸਣ ਦੀ ਥਾਂ ਤੇ ਤਰੱਕੀਆਂ ਦਿਤੀਆਂ ਜਾਣ ਅਦਾਲਤਾਂ ਅੰਦਰ ਕੇਸਾਂ ਨੂੰ ਲਮਕਾਇਆ ਜਾਏ, ਜਾਂਚ ਪੜਤਾਲ ਨੂੰ ਆਪਣੇ ਹਿੱਤਾਂ ਮੁਤਾਬਿਕ ਵਰਤੀ ਜਾਏ ਤਦ ਦੇਸ਼ ਅੰਦਰ ਇੰਨਸਾਫ ਦੀ ਉੱਮੀਦ ਕਿਦਾਂ ਕੀਤੀ ਜਾ ਸਕਦੀ ਹੈ । ਇਸ ਮਸਲੇ ਉਪਰ ਦੇਸ਼ ਅੰਦਰ ਕੀਤੀ ਜਾ ਰਹੀ ਰਾਜਨੀਤੀ ਅਤੇ ਮੀਡੀਆ ਵਲੋਂ ਗਰਮਾ ਗਰਮ ਬੋਲੀ ਬੋਲਣ ਨਾਲ ਜਿਸ ਤਰ੍ਹਾਂ ਦੇਸ਼ ਅੰਦਰ ਮਾਹੌਲ ਬਣ ਰਿਹਾ ਹੈ ਕਦੇ ਵੀ ਕੁਝ ਵੱਡਾ ਨੁਕਸਾਨ ਹੋ ਸਕਦਾ ਹੈ ਇਸ ਲਈ ਇਹ ਜਰੂਰੀ ਬਣ ਗਿਆ ਹੈ ਕਿ ਇਸ ਮਾਮਲੇ ਦੀ ਗੰਭੀਰਤਾ ਨੂੰ ਸਮਝਦੇ ਹੋਏ ਵਿਦੇਸ਼ੀ ਏਜੰਸੀ ਕੋਲ ਇਸ ਦੀ ਠੋਸ ਜਾਂਚ ਪੜਤਾਲ ਕਰਵਾ ਕੇ ਇਸ ਪਿੱਛੇ ਕੌਣ ਕੌਣ ਹਨ ਨੂੰ ਸਾਹਮਣੇ ਲਿਆਂਦਾ ਜਾਏ । ਅੰਤ ਵਿਚ ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਸੁਪਰੀਮ ਕੋਰਟ ਨੇ 1984 ਦੇ ਕਤਲੇਆਮ ਨੂੰ ’ਗਲਤ ਢੰਗ ਨਾਲ ਨਜਿੱਠਣ’ ਦੇ ਦੋਸ਼ ਹੇਠ ਦਿੱਲੀ ਪੁਲਿਸ ਦੇ ਸਸਪੈਂਡ ਕੀਤੇ ਦੁਰਗਾ ਪ੍ਰਸਾਦ ਲਈ ਏਸੀਪੀ ਦਾ ਦਰਜਾ ਬਹਾਲ ਕਰਕੇ ਕਤਲੇਆਮ ਪੀੜੀਤਾਂ ਨੂੰ ਵਡੀ ਚੋਟ ਪਹੁੰਚਾਈ ਹੈ।

**ਸਿੱਖ ਕਤਲੇਆਮ ਦੇ 40 ਵਰ੍ਹੇ ਬੀਤਣ ਤੇ ਵੀ ਇੰਨਸਾਫ ਨਹੀਂ ਮਿਲ ਸਕਿਆ ਤਦ ਪਹਿਲਗਾਮ ਪੀੜੀਤਾਂ ਨੂੰ ਕਿਸ ਤਰ੍ਹਾਂ ਮਿਲੇਗਾ ਇੰਨਸਾਫ**

# ਚੇਅਰਮੈਨ ਘੁੱਲੀ ਅਤੇ ਚੇਅਰਮੈਨ ਢਿੱਲੋਂ ਨੇ ਪਹਿਲਗਾਮ ਦੇ ਸ਼ਹੀਦਾਂ ਨੂੰ ਮੋਨ ਧਾਰ ਕੇ ਦਿੱਤੀ ਸੱਚੀ ਸਰਧਾਂਜਲੀ



ਧੂਰੀ ( ਰਣਜੀਤ ਸਿੰਘ ਪੇਧਨੀ ) -ਕਸ਼ਮੀਰ ਦੇ ਅਨੰਤਨਾਗ ਜਿਲੇ ਦੇ ਪਹਿਲਗਾਮ ਇਲਾਕੇ ’ਚ ਅੱਤਵਾਦੀ ਹਮਲਾ ਬੇਹੱਦ ਦੁਖਦਾਇਕ ਘਟਨਾ ਹੈ। ਜਿਸ ਦਿਨ ਨਿੰਦਿਆ ਦੇਸ਼ਾਂ ਵਿਦੇਸ਼ਾਂ ਵਿੱਚ ਲਗਾਤਾਰ ਹੋ ਰਹੀ ਹੈ। ਅਤੰਕਵਾਦੀਆਂ ਵੱਲੋਂ ਨਿਰਦੋਸ਼ ਸੈਲਾਨੀਆਂ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਜੋ ਕਿ ਬਹੁਤ ਹੀ ਸ਼ਰਮਨਾਕ ਕਾਰਾ ਹੈ। ਨਿਹੱਥਿਆਂ ਉੱਪਰ ਅਤੰਕਵਾਦੀਆਂ ਵੱਲੋਂ ਗੋਲੀਆਂ ਚਲਾ ਕੇ ਮੌਤ ਦੇ ਘਾਟਉਤਾਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਮੁੱਖ ਮੰਤਰੀ ਕੈਂਪਸ ਦੇਣ ਇੰਚਾਰਜ ਸਰਦਾਰ ਰਾਜਵੰਤ ਸਿੰਘ ਘੁੱਲੀ ਅਤੇ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਸਰਦਾਰ ਦਲਬੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕਿ ਨਿਰਦੋਸ਼ ਹਿੰਦੂ ਸੈਲਾਨੀ ਆਪਣੇ ਪਰਿਵਾਰ ਦੇ ਨਾਲ ਸ੍ਰੀਨਗਰ ਕਸ਼ਮੀਰ ਵਿੱਚ ਘੁੰਮਣ ਫਿਰਨ ਲਈ ਆਏ ਸਨ ਲੇਕਿਨ ਉਹਨਾਂ ਨੂੰ ਇਹ ਨਹੀਂ ਸੀ ਪਤਾ ਕਿ ਮੌਤ ਇਥੇ ਉਹਨਾਂ ਦਾ ਇੰਤਜ਼ਾਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਮਲੇ ਵਿੱਚ ਜ਼ਖਮੀ ਹੋਏ ਲੋਕਾਂ ਦੀ ਤੰਦਰੁਸਤੀ ਅਤੇ ਵਿਛੜੀਆਂ ਰੂਹਾਂ ਦੀ ਸ਼ਾਂਤੀ ਲਈ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹੋਏ ਦਿਲੋਂ ਸ਼ਰਧਾਂਜਲੀ ਦਿੱਤੀ ਅਤੇ ਉਹਨਾਂ ਨੇ ਹਿੰਦੁਸਤਾਨ ਦੀ ਸਰਕਾਰ ਨੂੰ ਬੇਨਤੀ ਕੀਤੀ ਕਿ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ। ਇਸ ਮੌਕੇ ਬਲਾਕ ਪ੍ਰਧਾਨ ਗਗਨ ਜਵੰਧਾ, ਬਲਾਕ ਪ੍ਰਧਾਨ ਗੁਰਤੇਜ ਸਿੰਘ ਤੇਜੀ, ਬਲਾਕ ਪ੍ਰਧਾਨ ਗੁਰਚਰਨ ਸਿੰਘ, ਮਾਣਾ ਗਰੇਵਾਲ, ਭਿੰਦਾ ਵਿਰਕ, ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਕੁਲਵਿੰਦਰ ਸਿੰਘ, ਨੰਬਰਦਾਰ ਰਜਿੰਦਰ ਸਿੰਘ ਪੇਧਨੀ ਹਾਜਰ ਸਨ।

# ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਵੱਡਾ ਝਟਕਾ, ਦਿੱਲੀ ਕਮੇਟੀ ਦੇ ਦੋ ਮੈਂਬਰ ਬੀਬੀ ਰਣਜੀਤ ਕੌਰ ਤੇ ਸੁਖਵਿੰਦਰ ਸਿੰਘ ਬੱਬਰ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿਚ ਹੋਏ ਸ਼ਾਮਲ



**ਨਵੀਂ ਦਿੱਲੀ, 26 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਕੌਮੀ ਰਾਜਧਾਨੀ ਦਿੱਲੀ ਵਿਚ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ ਜਦੋਂ ਇਸਦੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਰਹਿੰਦੇ ਦੋ ਮੈਂਬਰ ਬੀਬੀ ਰਣਜੀਤ ਕੌਰ ਅਤੇ ਸਰਦਾਰ ਸੁਖਵਿੰਦਰ ਸਿੰਘ ਬੱਬਰ ਅੱਜ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿਚ ਸ਼ਾਮਲ ਹੋ ਗਏ। ਇਹਨਾਂ ਮੈਂਬਰਾਂ ਨੂੰ ਪਾਰਟੀ ਵਿਚ ਜੀ ਆਇਆਂ ਕਹਿੰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਦਿੱਲੀ ਦੀ ਸੰਗਤ ਨੇ ਪਹਿਲਾਂ ਹੀ ਵੇਖ ਲਿਆ ਸੀ ਕਿ ਕਮੇਟੀ ਦੀ ਮੌਜੂਦਾ ਟੀਮ ਹੀ ਸੰਗਤ ਦੀ ਸਹੀ ਅਰਥਾਂ ਵਿਚ ਸੇਵਾ ਕਰ ਰਹੀ ਹੈ ਜਿਸਨੇ ਨਾ ਸਿਰਫ ਗੁਰਦੁਆਰਾ ਬੰਗਲਾ ਸਾਹਿਬ ਵਿਚ ਵਧੀਆ ਸਿਹਤ ਕੇਂਦਰ ਚਲਾਇਆ ਜਿਸ ਵਿਚ ਮੁਫਤ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਬਲਕਿ ਬਾਲਾ ਸਾਹਿਬ ਹਸਪਤਾਲ ਤੇ ਹੋਰ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤੇ ਗੁਰੂ ਘਰਾਂ ਦੀ ਸੁਚੱਜੀ ਸੇਵਾ ਸੰਭਾਲ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸੰਗਤਾਂ ਵੱਲੋਂ ਦਿੱਤੇ ਫਤਵੇ ਦੇ ਮੁਤਾਬਕ ਹੀ ਮੌਜੂਦਾ ਟੀਮ ਦਿੱਲੀ ਦੀ ਸੰਗਤ ਦੀ ਸੇਵਾ ਕਰਦਿਆਂ ਨਾ ਸਿਰਫ ਗੁਰਸਿੱਖੀ ਦਾਤ ਅਨੁਸਾਰ ਜੀਵਨ ਬਤੀਤ ਕਰਨ ਵਾਸਤੇ ਲੋਕਾਂ ਨੂੰ ਪ੍ਰੇਰਿਤ ਕਰ ਰਹੀ ਹੈ ਸਗੋਂ ਸਿੱਖੀ ਮੁਤਾਬਕ ਗੁਰੂ ਸਾਹਿਬਾਨ ਤੇ ਗੁਰਬਾਣੀ ਮੁਤਾਬਕ ਵੱਡੇ-ਵੱਡੇ ਦਿਨ ਤਿਓਹਾਰ ਵੀ ਵੱਡੇ ਪੱਧਰ ’ਤੇ ਮਨਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਜਿਸ ਤਰੀਕੇ ਮੌਜੂਦਾ ਟੀਮ ਨੇ ਸੰਗਤ ਅਤੇ ਖਾਸ ਤੌਰ ’ਤੇ ਨੌਜਵਾਨ ਤੇ ਬੱਚਿਆਂ ਨੂੰ ਗੁਰਸਿੱਖੀ ਜੀਵਨ ਨਾਲ ਜੋੜਨ ਦਾ ਉਪਰਾਲਾ ਕੀਤਾ ਹੈ, ਉਸ ਤੋਂ ਸਾਰੀ ਸੰਗਤ ਵਿਚ ਖ਼ੁਸ਼ੀ ਦੀ ਲਹਿਰ ਹੈ ਤੇ ਸੰਗਤ ਨੇ ਇਸ ਉਦਮ ਵਾਸਤੇ ਟੀਮ ਨੂੰ ਆਸ਼ੀਰਵਾਦ ਦੇ ਕੇ ਉਤਸ਼ਾਹਿਤ ਕਰਨ ਦਾ ਕੰਮ ਵੀ ਕੀਤਾ ਹੈ।

ਉਹਨਾਂ ਕਿਹਾ ਕਿ ਅੱਜ ਬੀਬੀ ਰਣਜੀਤ ਕੌਰ ਤੇ ਸਰਦਾਰ ਸੁਖਵਿੰਦਰ ਸਿੰਘ ਬੱਬਰ ਦੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿਚ ਸ਼ਾਮਲ ਹੋਣ ਨਾਲ ਪਾਰਟੀ ਹੋਰ ਮਜ਼ਬੂਤ ਹੋਈ ਹੈ ਤੇ ਇਹਨਾਂ ਦੋਵਾਂ ਤਜ਼ਰਬੇਕਾਰ ਆਗੂਆਂ ਦੀ ਪਾਰਟੀ ਵਿਚ ਸ਼ਮੂਲੀਅਤ ਨਾਲ ਇਸਨੂੰ ਹੋਰ ਉਤਸ਼ਾਹ ਮਿਲਿਆ ਹੈ। ਉਹਨਾਂ ਨੇ ਦੋਵਾਂ ਕੱਦਾਵਰ ਆਗੂਆਂ ਦਾ ਇਸ ਫੈਸਲੇ ਲਈ ਧੰਨਵਾਦ ਵੀ ਕੀਤਾ। ਇਸ ਮੌਕੇ ’ਤੇ ਬੀਬੀ ਰਣਜੀਤ ਕੌਰ ਤੇ ਸਰਦਾਰ ਸੁਖਵਿੰਦਰ ਸਿੰਘ ਬੱਬਰ ਨੇ ਕਿਹਾ ਕਿ ਬੀਤੇ ਤਕਰੀਬਨ ਚਾਰ ਸਾਲਾਂ ਵਿਚ ਉਹਨਾਂ ਵੇਖਿਆ ਹੈ ਕਿ ਮੌਜੂਦਾ ਟੀਮ ਕਿਵੇਂ ਸਮਰਪਣ ਦੀ ਭਾਵਨਾ ਨਾਲ ਸੰਗਤ ਦੀ ਸੇਵਾ ਕਰ ਰਹੀ ਹੈ ਤੇ ਇਸੇ ਕਾਰਣ ਉਹਨਾਂ ਨੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ ਤਾਂ ਜੋ ਦਿੱਲੀ ਦੀ ਸੰਗਤ ਦੀ ਸੇਵਾ ਕਰ ਸਕਣ। ਇਸ ਮੌਕੇ ’ਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਅਹੁਦੇਦਾਰ, ਮੈਂਬਰ ਤੇ ਹੋਰ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕੈਬਨਿਟ ਮੰਤਰੀ ਸ੍ ਈ ਟੀ ਓ ਨੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ

# ਬਿਜਲੀ ਚੋਰੀ ਨੂੰ ਫੜਨ ਲਈ ਵੀ ਪੁਰਜੋਰ ਉਪਰਾਲੇ ਕਰਨ ਦੀ ਕੀਤੀ ਹਦਾਇਤ





**ਜੰਡਿਆਲਾ ਗੁਰੂ 26 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ਕੁਲਦੀਪ ਸਿੰਘ ਡਡਵਾਲ**)-ਅੱਜ ਸ੍ ਹਰਭਜਨ ਸਿੰਘ ਈ.ਟੀ.ਓ. ਬਿਜਲੀ ਅਤੇ ਪੀ.ਡਬਲਿਊ.ਡੀ ਕੈਬਨਿਟ ਮੰਤਰੀ ਜੀ ਵੱਲੋ ਪੰ.ਰਾ.ਪਾ.ਕਾ.ਲਿਮ ਦੇ ਬਾਰਡਰ ਜੋਨ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿਚ ਪੰ.ਰਾ.ਪ.ਕਾ.ਲਿਮਟਿਡ ਦੇ ਚੇਅਰਮੈਨ ਕਮ ਮੈਨੇਜਿੰਗ ਡਾਇਰੈਕਟਰ ਸ਼੍ਰੀ ਅਜੋਏ ਕੁਮਾਰ ਸਿਨਹਾ ਆਈ.ਏ.ਐਸ, ਇੰਜੀ ਇੰਦਰਪਾਲ ਸਿੰਘ ਡਾਇਰੈਕਟਰ ਡਿਸਟ੍ਰੀਬਿਊਸ਼ਨ, ਸ਼੍ਰੀ ਐਸ ਕੇ ਬੇਰੀ ਡਾਇਰੈਕਟਰ ਫਾਇਨੈਸ , ਇੰਜੀ ਦੇਸਰਾਜ ਬੰਗੜ ਮੁੱਖ ਇੰਜੀਨੀਅਰ ਬਾਰਡਰ ਜੋਨ, ਸਮੂਹ ਉਪਮੁੱਖ ਇੰਜੀਨੀਅਰ/ਨਿਗਰਾਨ ਇੰਜੀਨੀਅਰ ਅਧੀਨ ਬਾਰਡਰ ਜੋਨ ਅਤੇ ਉਪਰੇਸ਼ਨ ਅਤੇ ਪੀ ਅਤੇ ਐਮ ਨਾਲ ਸੰਬੰਧਤ ਸਮੂਹ ਵਧੀਕ ਨਿਗਰਾਨ ਇੰਜੀਨੀਅਰ/ ਸੀਨੀਅਰ ਕਾਰਜਕਾਰੀ ਇੰਜੀਨੀਅਰ ਅਧੀਨ ਬਾਰਡਰ ਜੋਨ ਵੱਲੋ ਸ਼ਮੂਲੀਅਤ ਕੀਤੀ ਗਈ ।ਉਕਤ ਮੀਟਿੰਗ ਵਿੱਚ ਮਾਣਯੋਗ ਮੰਤਰੀ ਸਾਹਿਬ ਵੱਲੋ ਚੇਅਰਮੈਨ ਕਮ ਮੈਨੇਜਿੰਗ ਡਾਇਰੈਕਟਰ ਪਾਵਰਕਾਮ. ਡਾਇਰੈਕਟਰ ਡਿਸਟ੍ਰੀਬਿਊਸ਼ਨ ਅਤੇ ਬਾਰਡਰ ਜੋਨ ਇੰਜੀਨੀਅਰਜ ਦੀ ਹੋਸਲਾ ਅਫਜਾਈ ਕੀਤੀ ਅਤੇ ਹਦਾਇਤ ਕੀਤੀ ਕਿ ਪਿਛਲੇ ਪੈਡੀ ਸੀਜਨ ਦੀ ਤਰ੍ਹਾ ਇਸ ਵਾਰ ਵੀ ਵਡਮੁੱਲੇ ਖਪਤਕਾਰਾਂ ਨੂੰ ਵਧੀਆ ਸਪਲਾਈ ਦੇਣੀ ਯਕੀਨੀ ਬਣਾਈ ਜਾਵੇ, ਖਪਤਕਾਰਾਂ ਨੂੰ ਸਮੇ ਸਿਰ ਕੁਨੈਕਸ਼ਨ ਜਾਰੀ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਉਹਨਾਂ ਦੀਆਂ ਕੰਪਲੇਟਾਂ ਦਾ ਤੁਰੰਤ ਹੱਲ ਕਰਦਿਆਂ ਹੋਇਆਂ ਰੈਜੋਲਿਊਸ਼ਨ ਟਾਈਮ ਨੂੰ ਹੋਰ ਘੱਟ ਕਰਨਾ ਯਕੀਨੀ ਬਣਾਇਆ ਜਾਵੇ ।ਇਸ ਤੋ ਇਲਾਵਾ ਮਾਣਯੋਗ ਮੰਤਰੀ ਸਾਹਬ ਵੱਲੋਂ ਫੀਲਡ ਵਿੱਚ ਕੰਮ ਕਰ ਰਹੇ ਸਟਾਫ ਨੂੰ ਪੂਰੇ ਸੁਰਖਿਆਂ ਯੰਤਰ ਅਪਣਾਉਦੇ ਹੋਏ ਕੰਮ ਕਰਨ ਦੀ ਹਦਾਇਤ ਕੀਤੀ ਗਈ ਤਾਂ ਜੋ ਅਣਸੁਖਾਵੀ ਘਟਨਾਵਾ ਨੂੰ ਬਚਾਇਆ ਜਾ ਸਕੇ ।ਮੰਤਰੀ ਸਾਹਬ ਵੱਲੋ ਫੀਲਡ ਅਫਸਰਾਂ ਨੂੰ ਹਦਾਇਤ ਕੀਤੀ ਗਈ ਕਿ ਉਹਨਾਂ ਦੇ ਦਫਤਰ ਅਧੀਨ ਕੰਮ ਕਰਦੇ ਸੀਐਚਬੀ ਕਾਮਿਆਂ ਸਮੇ ਸਮੇ ਸਿਰ ਚੈਕਿੰਗ ਕੀਤੀ ਜਾਵੇ ਕਿ ਉਹਨਾ ਵੱਲੋ ਸੁਰਖਿਆ ਉਪਕਰਣ ਪ੍ਰਾਪਰ ਤਰੀਕੇ ਨਾਲ ਵਰਤੇ ਜਾ ਰਹੇ ਹਨ ਜਾਂ ਨਹੀ। ਕਿਸੇ ਕੁਤਾਹੀ ਦੇ ਸਮੇ ਉਹਨਾਂ ਨੂੰ ਸੰਬੰਧਤ ਕੰਪਨੀ ਦੇ ਨੋਟਿਸ ਵਿੱਚ ਲਿਆਂਦਾ ਜਾਵੇ ਤਾਂ ਜੋ ਕ੍ਰਮਚਾਰੀ/ਕਾਮਿਆ ਦੀ ਸੁਰਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਮਾਯਯੋਗ ਮੰਤਰੀ ਸਾਹਿਬ ਵੱਲੋ ਨਵੇ ਕਮਰਸ਼ੀਅਲ਼ ਅਤੇ ਟੈਪਰੇਰੀ ਕੁਨੈਕਸ਼ਨਾਂ ਨੂੰ ਬਿਨਾ ਕੋਈ ਦੇਰੀ ਤੋ ਜਾਰੀ ਕਰਨ ਸੰਬੰਧੀ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਤੋ ਇਲਾਵਾ ਮੰਤਰੀ ਸਾਹਬ ਵੱਲੋ ਸਮੂਹ ਅਧਿਕਾਰੀਆਂ ਨੂੰ ਕੁਤਾਹੀ ਰਕਮ ਨੂੰ ਉਗਰਾਹੁਣ ਸੰਬੰਧੀ ਅਤੇ ਬਿਜਲੀ ਦੇ ਲਾਸਿਜ ਨੂੰ ਘਟਾਉਣ ਲਈ ਬਿਜਲੀ ਚੋਰੀ ਨੂੰ ਫੜਣ ਲਈ ਵੀ ਪੁਰਜੋਰ ਉਪਰਾਲੇ ਕਰਨ ਦੀ ਹਦਾਇਤ ਕੀਤੀ ਗਈ





## ਵਿਆਹ ਵਰ੍ਹੇਗੰਢ ਦੀਆਂ ਵਧਾਈਆਂ

ਮਨਿੰਦਰ ਸਿੰਘ ਮਨੀ ਧਰਮਪਤਨੀ ਸਰਬਜੀਤ ਕੌਰ ਨੇ ਵਿਆਹ ਦੀ 16 ਵੀਂ ਵਰੇਗੰਢ ਮਨਾਈ

## ਸੋਨੇ ਉੱਤੇ ਸੁਹਾਗਾ

ਦਿਲ ਚਾਹੁੰਦਾ ਹੈ ਖ਼ਾਬਾਂ ਵਿਚ
ਕੋਈ ਅਪਣਾ ਆ ਜਾਵੇ ।
ਕੋਈ ਚਾਨਣ ਦੇ ਸਿਰਨਾਵੇਂ ਵਰਗਾ
ਸੁਫ਼ਨਾ ਆ ਜਾਵੇ ।
ਸੋਨੇ ਦੇ ਉੱਪਰ ਸੁਹਾਗਾ ਹੁੰਦੀ
ਗੱਲ ਸਿਆਣਿਆਂ ਦੀ ;
ਜੇਕਰ ਸੂਰਤ ਤੇ ਸੀਰਤ ਨਾ
ਤੀਜਾ ਨਖ਼ਰਾ ਆ ਜਾਵੇ ।

**-ਮੂਲ ਚੰਦ ਸ਼ਰਮਾ ਪ੍ਰਧਾਨ ,**
**ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ ।**
9914836037

## ਬਾਬਾ ਚੇਤ ਸਿੰਘ, ਬਾਬਾ ਸੰਤਾ ਸਿੰਘ ਦੇ ਬਰਸੀ ਸਮਾਗਮ 7 ਤੋਂ 9 ਮਈ ਨੂੰ ਗੁ: ਬੇਰ ਸਾਹਿਬ ਦੇਗਸਰ ਸਾਹਿਬ ਯਾਦਗਾਰ ਬਾਬਾ ਦੀਪ ਸਿੰਘ ਛਾਉਣੀ ਬੁੱਢਾ ਦਲ ਵਿਖੇ ਹੋਣਗੇ

# ਬੁੱਢਾ ਦਲ ਦੇ ਜਥੇਦਾਰਾਂ ਦਾ ਜੀਵਨ ਸੰਗ੍ਰਹਿ ਪੁਸਤਕ ਰਿਲੀਜ਼ ਹੋਵੇਗੀ

ਤਲਵੰਡੀ ਸਾਬੋ, 26 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮਰਹੂਮ ਜਥੇਦਾਰ ਬਾਬਾ ਚੇਤ ਸਿੰਘ, ਬਾਬਾ ਸੰਤਾ ਸਿੰਘ ਦੀ ਸਲਾਨਾ ਬਰਸੀ ਗੁਰਦੁਆਰਾ ਬੇਰ ਸਾਹਿਬ, ਦੇਗਸਰ ਸਾਹਿਬ ਯਾਦਗਾਰ ਬਾਬਾ ਦੀਪ ਸਿੰਘ ਛਾਉਣੀ ਬੁੱਢਾ ਦਲ ਵਿਖੇ ਪੂਰਨ ਸ਼ਰਧਾ ਭਾਵਨਾ ਤੇ ਸਤਿਕਾਰ ਸਹਿਤ ਮਨਾਈ ਜਾਵੇਗੀ। ਬੁੱਢਾ ਦਲ ਦੇ ਮੌਜੂਦਾ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਦਸਿਆ ਕਿ ਬੁੱਢਾ ਦਲ ਦੇ ਬਾਰਵੇਂ, ਤੇਰਵੇਂ ਮੁਖੀ ਬਾਬਾ ਚੇਤ ਸਿੰਘ ਜੀ ਅਤੇ ਬਾਬਾ ਸੰਤਾ ਸਿੰਘ ਜੀ ਬਰਸੀ 7 ਤੋਂ 9 ਮਈ ਨੂੰ ਮਨਾਈ ਜਾਵੇਗੀ। 7 ਮਈ ਨੂੰ ਇਨ੍ਹਾਂ ਜਥੇਦਾਰਾਂ ਦੀ ਬਰਸੀ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਅਰੰਭ ਹੋਣਗੇ ਅਤੇ 9 ਮਈ ਨੂੰ ਸਵੇਰੇ 10 ਵਜੇ ਭੋਗ ਪੈਣ ਉਪਰੰਤ ਧਾਰਮਿਕ ਦੀਵਾਨ ਸਜਣਗੇ। ਇਸ ਗੁਰਮਤਿ ਸਮਾਗਮ ਮੌਕੇ ਕੌਮ ਦੇ ਵਿਦਵਾਨ, ਰਾਗੀ, ਢਾਡੀ, ਪ੍ਰਚਾਰਕਾਂ ਤੋਂ ਇਲਾਵਾਂ ਧਾਰਮਿਕ ਸੰਸਥਾ ਸੰਪਰਦਾਵਾਂ, ਟਕਸਾਲਾਂ ਦੇ ਮੁਖੀ ਜਨ ਵਿਸ਼ੇਸ਼ ਤੌਰ ’ਤੇ ਹਾਜ਼ਰੀ ਭਰਨਗੇ ਅਤੇ ਇਨ੍ਹਾਂ ਮਰਹੂਮ ਮਹਾਨ ਸਖ਼ਸ਼ੀਅਤਾਂ ਨੂੰ ਸਰਧਾ ਸਤਿਕਾਰ ਭੇਟ ਕਰਨਗੇ। ਬੁੱਢਾ ਦਲ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਵੱਲੋਂ ਲਿਖੀ ਕਿਤਾਬ “ਬੁੱਢਾ ਦਲ ਦੇ ਮੁਖੀ ਜਥੇਦਾਰ ਸਾਹਿਬਾਨ ਦਾ ਜੀਵਨ ਸੰਗ੍ਰਹਿ” ਵਿਸ਼ੇਸ਼ ਤੌਰ ’ਤੇ ਰਲੀਜ਼ ਕੀਤੀ ਜਾਵੇਗੀ।



# ਖਾਲਸਾ ਅਕੈਡਮੀ ਵੱਲੋਂ ਪਹਿਲਗਾਮ ਹਮਲੇ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀ



**ਚੌਂਕ ਮਹਿਤਾ, 26 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਹੇਠ ਚੱਲ ਰਹੀ ਵਿੱਦਿਅਕ ਸੰਸਥਾ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਵਿਖੇ ਬੀਤੇ ਦਿਨ ਸ਼ੁੱਕਰਵਾਰ ਨੂੰ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਹਮਲੇ ਵਿੱਚ ਮਾਰੇ ਗਏ ਭਾਰਤੀ ਸੈਲਾਨੀਆਂ ਨੂੰ ਮੋਮਬਤੀਆਂ ਜਲਾ ਕੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਡਾ. ਜਤਿੰਦਰ ਸ਼ਰਮਾ ਮਾਨਯੋਗ ਪ੍ਰਿੰਸੀਪਲ ਖਾਲਸਾ ਅਕੈਡਮੀ ਅਤੇ ਕਾਲਜ ਪ੍ਰਿੰਸੀਪਲ ਸ. ਗੁਰਦੀਪ ਸਿੰਘ ਜਲਾਲ ਉਸਮਾ ਹਾਜ਼ਰ ਸਨ। ਉਨਾਂ ਨੇ ਇਸ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਇਸ ਨੂੰ ਇਨਸਾਨੀਅਤ ਲਈ ਸ਼ਰਮਨਾਕ ਦੱਸਿਆ ਹੈ। ਉਨਾਂ ਨੇ ਕਿਹਾ ਕਿ ਉਹ ਨਿਰਦੋਸ਼ ਸੈਲਾਨੀਆਂ ਦੇ ਪਰਿਵਾਰਾਂ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕਰਦੇ ਹਨ ਅਤੇ ਵਿਛੜ ਚੁੱਕੀਆਂ ਆਤਮਾਵਾਂ ਦੀ ਸ਼ਾਂਤੀ ਲਈ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਨ।

## ਜੰਮੂ ਕਸ਼ਮੀਰ ਚ ਹਮਲਾ ਕਰਨ ਵਾਲੇ ਅੱਤਵਾਦੀਆਂ ਨੇ ਮਨੁੱਖਤਾ ਦਾ ਘਾਣ ਕੀਤਾ ਇਹ ਲੋਕ ਇਕ ਫਿਰਕੇ ਜਾਂ ਮਜਬ ਦੇ ਨਹੀਂ ਅਤੇ ਇਨ੍ਹਾਂ ਦਾ ਕੋਈ ਧਰਮ ਨਹੀਂ

# ਅੱਤਵਾਦ ਦੇ ਹਰ ਰੂਪ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ, 26 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਘੁੰਮਣ ਆਏ ਸੈਲਾਨੀਆਂ ’ਤੇ ਹੋਏ ਭਿਆਨਕ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਹੋਇਆਂ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਅੱਗੇ ਕਿਹਾ ਕਿ ਇਹ ਕਾਇਰਤਾਪੂਰਨ ਅੱਤਵਾਦੀ ਹਮਲਾ ਅਤਿ ਨਿੰਦਣਯੋਗ ਹੈ। ਜਿਸ ਵਿੱਚ ਨਿਹੱਥੇ ਮਾਸੂਮ ਲੋਕਾਂ ਤੇ ਹਮਲਾ ਕਰਕੇ ਉਨ੍ਹਾਂ ਨੂੰ ਨਿਸ਼ਾਨਾ ਬਣਾਉਣ ਦੀ ਇਹ ਘਟਨਾ ਮਨੁੱਖਤਾ ’ਤੇ ਹਮਲਾ ਹੈ ।ਉਨ੍ਹਾਂ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਹੋਇਆਂ ਕਿਹਾ ਕਿ ਇਹ ਬਹੁਤ ਹੀ ਦੁੱਖ ਦੀ ਘੜੀ ਹੈ ਅਤੇ ਇਸ ਦੁੱਖ ਦੀ ਘੜੀ ਵਿੱਚ ਪੂਰਾ ਦੇਸ਼ ਇੱਕਜੁੱਟ ਹੈ ਅਤੇ ਉਹਨਾਂ ਦੇ ਨਾਲ ਖੜ੍ਹਾ ਹੈ। ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਅੱਤਵਾਦੀ ਜੋ ਮਨੁੱਖਤਾ ਦਾ ਘਾਣ ਕਰਦਾ ਹੈ ਉਹ ਕਿਸੇ ਇਕ ਫਿਰਕੇ ਜਾਂ ਮਜਬ ਦੇ ਨਹੀਂ ਹੁੰਦੇ ਅਤੇ ਉਨ੍ਹਾਂ ਦਾ ਕੋਈ ਧਰਮ ਨਹੀਂ ਹੁੰਦਾ ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਅੱਤਵਾਦ ਦੇ ਹਰ ਰੂਪ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਇਸ ਖੇਤਰ ਨੂੰ ਕਈ ਦਹਾਕਿਆਂ ਤੋਂ ਅੱਤਵਾਦੀਆਂ ਨਾਲ ਸਾਹਮਣਾ ਕਰਦਿਆਂ ਹੋਇਆਂ ਕਈ ਚੁਣੌਤੀਆਂ ਨੂੰ ਝੱਲਣਾ ਪਿਆ ਹੈ। ਅਸੀਂ ਹਰ ਤਰ੍ਹਾਂ ਦੇ ਅੱਤਵਾਦੀ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ। ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣਾ ਕਿਤੇ ਨਾ ਕਿਤੇ ਇਹ ਦਰਸ਼ਾਉਂਦਾ ਹੈ ਕਿ ਅੱਤਵਾਦੀ ਜੰਮੂ-ਕਸ਼ਮੀਰ ਵਿੱਚ ਸ਼ਾਂਤੀ ਨਹੀਂ ਚਾਹੁੰਦੇ ਅਤੇ ਸੈਲਾਨੀਆਂ ਦੇ ਮਨਾਂ ਵਿੱਚ ਡਰ ਪੈਦਾ ਕਰਨਾ ਚਾਹੁੰਦੇ ਹਨ । ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਦੇਸ਼ ਦੀ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਇਸ ਦੁਖਾਂਤ ਵਿੱਚ ਮਾਸੂਮ ਲੋਕਾਂ ਨੂੰ ਨਿਸ਼ਾਨਾ ਬਣਾਉਣ ਵਾਲਿਆਂ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ ਤਾਂ ਜੋ ਲੋਕਾਂ ਦੇ ਮਨਾਂ ਵਿਚੋਂ ਡਰ ਦੂਰ ਕੀਤਾ ਜਾ ਸਕੇ।

ਉਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਪੈਟਰੋਲ ਪੰਪ ਲਾਗੇ ਪਈਆਂ ਬਾਇਓ ਗੈਸ ਪਲਾਟ ਦੀਆਂ

# ਪਰਾਲੀ ਦੀਆਂ ਗੱਠਾਂ ਨੂੰ ਲੱਗੀ ਭਿਆਨਕ ਅੱਗ

**☚ ਅੱਗ ਪਿੰਡ ਨਥੇਹਾ ਦੇ ਘਰਾਂ ਵਿੱਚ ਜਾਣ ਦਾ ਖਦਸਾ ☚ ਮੌਕੇ ਤਲਵੰਡੀ ਸਾਬੋ ਦੇ ਡੀ.ਐਸ.ਪੀ. ਸਮੇਤ ਅੱਗ ਬੁਝਾਉਣ ਵਾਲਾ ਅਮਲੇ ਦੀ ਕਈ ਗੱਡੀਆਂ ਪਾ ਰਹੀਆਂ ਨੇ ਅੱਗ ਤੇ ਕਾਬੂ ☚ ਪੈਟਰੋਲ ਪੰਪ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਪ੍ਰਸ਼ਾਸਨ ਕਰ ਰਿਹਾ ਹੈ ਯਤਨ**





**ਤਲਵੰਡੀ ਸਾਬੋ 26 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਅੱਜ ਦੇਰ ਸ਼ਾਮ ਉਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਨਥੇਹਾ ਦੇ ਪੈਟਰੋਲ ਪੰਪ ਲਾਗੇ ਝੋਨੇ ਦੀ ਪਰਾਲੀ ਦੀਆਂ ਬੰਨੀਆਂ ਗੱਠਾਂ ਨੂੰ ਭਿਆਨਕ ਅੱਗ ਲੱਗ ਗਈ ਜਿਸ ਨੂੰ ਬੁਝਾਉਣ ਲਈ ਭਾਵੇਂ ਆਸੇ ਪਾਸੇ ਪਿੰਡਾਂ ਦੇ ਲੋਕ ਤਰਲੋ ਮੱਛੀ ਹੋ ਰਹੇ ਹਨ। ਉੱਥੇ ਕਈ ਤਲਵੰਡੀ ਸਾਬੋ, ਸਰਦੂਲਗੜ, ਬਣਾਵਾਲੀ, ਬਠਿੰਡਾ ਤੋਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਵੀ ਅੱਗ ਬੁਝਾਉਣ ਦੇ ਲਈ ਪੁੱਜੀਆਂ ਹੋਈਆਂ ਹਨ ਤੇ ਆਸ ਪਾਸ ਦੇ ਪਿੰਡਾਂ ਦੇ ਲੋਕ ਬੁਝਾਉਣ ਲਈ ਹੋ ਰਹੇ ਨੇ ਤਰਲੋ ਮੱਛੀ ਦੱਸ ਦਈਏ ਕਿ ਲਗਭਗ ਪੰਜ ਛੇ ਏਕੜ ਪਰਾਲੀ ਦੀਆਂ ਗੱਠਾਂ ਪਈਆਂ ਹਨ ਤੇ ਗੱਠਾਂ ਦੇ ਲਾਗੇ ਪੈਟਰੋਲ ਪੰਪ ਲੱਗਿਆ ਹੋਇਆ ਹੈ ਜੇ ਅੱਗ ਤੇ ਕਾਬੂ ਨਾ ਪਾਇਆ ਗਿਆ ਤਾਂ ਨਤੀਜੇ ਭਿਆਨਕ ਹੋ ਸਕਦੇ ਹਨ ਪਿੰਡ ਦੇ ਸਰਪੰਚ ਦੇ ਪਤੀ ਡਾ. ਸੁਖਪਾਲ ਸਿੰਘ ਤੇ ਆਸ ਪਾਸ ਦੇ ਲੋਕ ਅੱਗ ਬੁਝਾਉਣ ਦੀਆਂ ਅਪੀਲਾਂ ਕਰ ਰਹੇ ਹਨ ਤੇ ਪਿੰਡ ਨਥੇਹਾ ਦੇ ਘਰਾਂ ਵਿੱਚ ਅੱਗ ਲੱਗਣ ਦਾ ਖਦਸਾ ਬਣਿਆ ਹੋਇਆ ਹੈ ਤੇ ਪਿੰਡ ਦੇ ਸਰਪੰਚ ਤੇ ਹੋਰ ਲੋਕ ਫਾਇਰ ਬ੍ਰਿਗੇਡ ਦੀਆਂ ਜਿਆਦਾ ਗੱਡੀਆਂ ਭੇਜਣ ਦੀ ਮੰਗ ਕਰ ਰਹੇ ਹਨ ਉਧਰ ਘਟਨਾ ਦਾ ਪਤਾ ਚੱਲਦਿਆਂ ਤਲਵੰਡੀ ਸਾਬੋ ਦੇ ਡੀ.ਐਸ.ਪੀ ਰਜੇਸ਼ ਸਨੇਹੀ ਆਪਣੀ ਪੁਲਿਸ ਪਾਰਟੀ ਨੂੰ ਲੈ ਕੇ ਪਹੁੰਚੇ ਤੇ ਅੱਗ ਤੇ ਕਾਬੂ ਪਾਉਣ ਲਈ ਸਮਾਜਸੇਵੀ ਜਥੇਬੰਦੀਆਂ ਤੇ ਲੋਕਾਂ ਦੀ ਗਵਾਹੀ ਕਰਕੇ ਅੱਗ ਤੇ ਕਾਬੂ ਪਾਉਣ ਲਈ ਲੋਕਾਂ ਦਾ ਪੂਰਾ ਸਹਿਯੋਗ ਦਿੱਤਾ ਖਬਰ ਲਿਖੀ ਜਾਣ ਤੱਕ ਜਿੱਥੇ ਪਿੰਡ ਦੇ ਸਮਾਜਸੇਵੀ ਤੇ ਆਮ ਲੋਕ ਪਿੰਡ ਨੂੰ ਅੱਗ ਤੋਂ ਬਚਾਉਣ ਲਈ ਟਰੈਕਟਰਾਂ ਨਾਲ ਜਮੀਨ ਨੂੰ ਵਾਹਿਆ ਜਾ ਰਿਹਾ ਸੀ ਉੱਥੇ ਹੀ ਅੱਗ ਤੇ ਕਾਬੂ ਪਾਉਣ ਲਈ ਅਲੱਗ ਅਲੱਗ ਸ਼ਹਿਰਾਂ ਤੋਂ ਆਈਆਂ ਅੱਗ ਵਝਾਉਣ ਵਾਲੀਆਂ ਗੱਡੀਆਂ ਅੱਗ ਤੇ ਕਾਬੂ ਪਾ ਰਹੀਆਂ ਸਨ ਤੇ ਨੇੜੇ ਪੈਟਰੋਲ ਪੰਪ ਹੋਣ ਕਰਕੇ ਅੱਗ ਬੁਝਾਉਣ ਵਾਲੀਆਂ ਗੱਡੀਆਂ ਸਤਰਕ ਹੋ ਕੇ ਅੱਗ ਬੁਝਾ ਰਹੀਆਂ ਸਨ ਤਾਂ ਕਿ ਪੈਟਰੋਲ ਪੰਪ ਨੂੰ ਅੱਗ ਲੱਗਣ ਤੋਂ ਬਚਾਇਆ ਜਾ ਸਕੇ ਖਬਰ ਲਿਖੀ ਜਾਣ ਤੱਕ ਜੋ ਪੰਜ ਛੇ ਏਕੜ ਵਿੱਚ ਅੱਗ ਦੀ ਪਰਾਲੀ ਦੀਆਂ ਗੱਠਾਂ ਪਈਆਂ ਸਨ ਉਹ ਸੜ ਚੁੱਕੀਆਂ ਸਨ ਤੇ ਅੱਗ ਅਜੇ ਜਾਰੀ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨ ਕਪਾਹ ਦੇ ਧਾਗਿਆਂ ਵਿੱਚ ਉਲਝੇ



ਭਾਰਤ ਕਦੇ ਦੁਨੀਆ ਵਿੱਚ ਕਪਾਹ ਦਾ ਇੱਕ ਵੱਡਾ ਉਤਪਾਦਕ ਅਤੇ ਨਿਰਯਾਤਕ ਸੀ। ਪਰ ਅੱਜ ਕਪਾਹ ਦੀ ਪੈਦਾਵਾਰ ਇੱਕ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੀ ਹੈ। ਇਹ ਸੰਕਟ ਨਾ ਸਿਰਫ਼ ਕਿਸਾਨਾਂ ਦੀ ਰੋਜ਼ੀ-ਰੋਟੀ ਨੂੰ ਖ਼ਤਰਾ ਪੈਦਾ ਕਰ ਰਿਹਾ ਹੈ, ਸਗੋਂ ਦੇਸ਼ ਦੀ ਆਰਥਿਕਤਾ ਅਤੇ ਕੱਪੜਾ ਉਦਯੋਗ 'ਤੇ ਵੀ ਮਾੜਾ ਪ੍ਰਭਾਵ ਪਾ ਰਿਹਾ ਹੈ। ਕਪਾਹ ਭਾਰਤ ਦੀ ਇੱਕ ਮਹੱਤਵਪੂਰਨ ਨਕਦੀ ਫਸਲ ਹੈ, ਜੋ ਦੇਸ਼ ਦੀ ਖੇਤੀਬਾੜੀ ਆਰਥਿਕਤਾ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀ ਹੈ। ਇਹ ਲੱਖਾਂ ਕਿਸਾਨਾਂ ਅਤੇ ਖੇਤੀਬਾੜੀ ਕਾਮਿਆਂ ਦੀ ਆਮਦਨ ਦਾ ਮੁੱਖ ਸਰੋਤ ਹੈ। ਇਸ ਤੋਂ ਇਲਾਵਾ, ਇਹ ਭਾਰਤੀ ਟੈਕਸਟਾਈਲ ਉਦਯੋਗ ਦੀ ਰੀੜ੍ਹ ਦੀ ਹੱਡੀ ਹੈ, ਜੋ ਕਿ ਦੇਸ਼ ਦੇ ਸਭ ਤੋਂ ਵੱਡੇ ਰੁਜ਼ਗਾਰ ਪੈਦਾ ਕਰਨ ਵਾਲੇ ਖੇਤਰਾਂ ਵਿੱਚੋਂ ਇੱਕ ਹੈ। ਸਦੀਆਂ ਤੋਂ, ਭਾਰਤ ਨੇ ਉੱਚ-ਗੁਣਵੱਤਾ ਵਾਲੀ ਕਪਾਹ ਪੈਦਾ ਕੀਤੀ ਹੈ ਅਤੇ ਵਿਸ਼ਵ ਬਾਜ਼ਾਰ ਵਿੱਚ ਇੱਕ ਪ੍ਰਮੁੱਖ ਸਥਿਤੀ ਬਣਾਈ ਰੱਖੀ ਹੈ। ਹਾਲਾਂਕਿ, ਪਿਛਲੇ ਕੁਝ ਸਾਲਾਂ ਵਿੱਚ, ਭਾਰਤੀ ਕਪਾਹ ਉਤਪਾਦਨ ਨੂੰ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਕਾਰਨ ਇਸਦੀ ਗਿਰਾਵਟ ਆਈ ਹੈ ਅਤੇ ਕਿਸਾਨਾਂ ਨੂੰ ਕੀੜਿਆਂ ਦੇ ਹਮਲੇ, ਮਿੱਟੀ ਦੀ ਉਪਜਾਊ ਸ਼ਕਤੀ ਦੇ ਨੁਕਸਾਨ, ਪਾਣੀ ਦੀ ਕਮੀ, ਵਧਦੀ ਲਾਗਤ ਅਤੇ ਬਾਜ਼ਾਰ ਵਿੱਚ ਉਤਰਾਅ-ਚੜ੍ਹਾਅ ਕਾਰਨ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਹੈ। ਇਸ ਤਰ੍ਹਾਂ ਦੇ ਕਾਰਕ ਇਸ ਸੰਕਟ ਨੂੰ ਜਨਮ ਦੇਣ ਲਈ ਇਕੱਠੇ ਹੋਏ ਹਨ। ਇਹ ਸੰਕਟ ਕਿਸਾਨਾਂ ਦੀ ਆਰਥਿਕ ਸਥਿਤੀ, ਟੈਕਸਟਾਈਲ ਉਦਯੋਗ ਵਿੱਚ ਮੁਕਾਬਲੇਬਾਜ਼ੀ ਅਤੇ ਅੰਤ ਵਿੱਚ ਦੇਸ਼ ਦੀ ਆਰਥਿਕਤਾ ਨੂੰ ਸਿੱਧਾ ਪ੍ਰਭਾਵਿਤ ਕਰ ਰਿਹਾ ਹੈ। ਜਲਵਾਯੂ ਪਰਿਵਰਤਨ ਭਾਰਤੀ ਖੇਤੀਬਾੜੀ ਲਈ ਇੱਕ ਵੱਡਾ ਖ਼ਤਰਾ ਬਣ ਗਿਆ ਹੈ। ਕਪਾਹ ਦਾ ਉਤਪਾਦਨ ਵੀ ਇਸ ਤੋਂ ਅਛੂਤਾ ਨਹੀਂ ਹੈ। ਅਨਿਯਮਿਤ ਬਾਰਿਸ਼, ਅਤਿ ਦੀ ਗਰਮੀ, ਸੋਕੇ ਅਤੇ ਹੜ੍ਹਾਂ ਕਾਰਨ ਕਪਾਹ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਲੰਬੇ ਸਮੇਂ ਤੱਕ ਸੋਕੇ ਦੇ ਨਤੀਜੇ ਵਜੋਂ ਸਿੰਚਾਈ ਲਈ ਪਾਣੀ ਦੀ ਕਮੀ ਹੁੰਦੀ ਹੈ, ਜਦੋਂ ਕਿ ਬਹੁਤ ਜ਼ਿਆਦਾ ਬਾਰਿਸ਼ ਅਤੇ ਹੜ੍ਹ ਫਸਲਾਂ ਨੂੰ ਤਬਾਹ ਕਰ ਦਿੰਦੇ ਹਨ। ਬਦਲਦੇ ਮੌਸਮ ਕਾਰਨ ਕੀੜਿਆਂ ਅਤੇ ਬਿਮਾਰੀਆਂ ਦਾ ਹਮਲਾ ਵੀ ਵਧਿਆ ਹੈ, ਜਿਸ ਨਾਲ ਫ਼ਸਲ ਦੀ ਪੈਦਾਵਾਰ ਅਤੇ ਗੁਣਵੱਤਾ ਦੋਵਾਂ 'ਤੇ ਅਸਰ ਪਿਆ ਹੈ। ਦਰਅਸਲ, ਕਪਾਹ ਦੀ ਫ਼ਸਲ ਕਈ ਤਰ੍ਹਾਂ ਦੇ ਕੀੜਿਆਂ ਅਤੇ ਬਿਮਾਰੀਆਂ ਪ੍ਰਤੀ ਸੰਵੇਦਨਸ਼ੀਲ ਹੁੰਦੀ ਹੈ। ਇਨ੍ਹਾਂ ਵਿੱਚੋਂ ਸਭ ਤੋਂ ਪ੍ਰਮੁੱਖ ਗੁਲਾਬੀ 'ਬੋਲਵਰਮ' ਹੈ, ਜਿਸਨੇ ਹਾਲ ਹੀ ਦੇ ਸਾਲਾਂ ਵਿੱਚ ਦੇਸ਼ ਦੇ ਕਈ ਕਪਾਹ ਉਤਪਾਦਕ ਖੇਤਰਾਂ ਵਿੱਚ ਭਾਰੀ ਤਬਾਹੀ ਮਚਾਈ ਹੈ। ਬੀਟੀ ਕਪਾਹ, ਜਿਸਨੂੰ 'ਬੋਲਵਰਮ' ਪ੍ਰਤੀ ਰੋਧਕਤਾ ਵਿਕਸਤ ਕਰਨ ਲਈ ਜੈਨੇਟਿਕ ਤੌਰ 'ਤੇ ਸੋਧਿਆ ਗਿਆ ਸੀ, ਸ਼ੁਰੂ ਵਿੱਚ ਬਹੁਤ ਸਫਲ ਰਿਹਾ, ਪਰ ਹੌਲੀ ਹੌਲੀ ਕਪਾਹ ਦੀਆਂ ਫਸਲਾਂ ਨੇ ਵੀ ਇਸ ਪ੍ਰਤੀ ਰੋਧਕਤਾ ਵਿਕਸਤ ਕਰ ਲਈ ਹੈ। ਇਸ ਤੋਂ ਇਲਾਵਾ, ਚਿੱਟੀ ਮੱਖੀ ਅਤੇ ਹੋਰ ਬਿਮਾਰੀਆਂ ਨੇ ਵੀ ਕਪਾਹ ਦੀ ਫ਼ਸਲ ਨੂੰ ਨੁਕਸਾਨ ਪਹੁੰਚਾਇਆ ਹੈ, ਜਿਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੋਇਆ ਹੈ। ਇੱਕੋ ਫ਼ਸਲ ਦੀ ਲਗਾਤਾਰ ਕਾਸ਼ਤ ਅਤੇ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਜ਼ਿਆਦਾ ਵਰਤੋਂ ਕਾਰਨ, ਦੇਸ਼ ਦੇ ਕਈ ਕਪਾਹ ਉਤਪਾਦਕ ਖੇਤਰਾਂ ਵਿੱਚ ਮਿੱਟੀ ਦੀ ਉਪਜਾਊ ਸ਼ਕਤੀ ਘੱਟ ਗਈ ਹੈ। ਮਿੱਟੀ ਵਿੱਚ ਜੈਵਿਕ ਕਾਰਬਨ ਦੀ ਮਾਤਰਾ ਘੱਟ ਗਈ ਹੈ," ਜਿਸ ਨਾਲ ਮਿੱਟੀ ਦੀ ਪਾਣੀ-ਰੋਕਣ ਦੀ ਸਮਰੱਥਾ ਅਤੇ ਪੌਸ਼ਟਿਕ ਤੱਤ ਬਰਕਰਾਰ ਰੱਖਣ ਦੀ ਸਮਰੱਥਾ ਘੱਟ ਗਈ ਹੈ। ਨਤੀਜੇ ਵਜੋਂ, ਕਪਾਹ ਦੀ ਪੈਦਾਵਾਰ ਵਿੱਚ ਗਿਰਾਵਟ ਆਈ ਹੈ ਅਤੇ ਉਤਪਾਦਨ ਲਾਗਤਾਂ ਵਿੱਚ ਵਾਧਾ ਹੋਇਆ ਹੈ। ਕਪਾਹ ਇੱਕ ਪਾਣੀ-ਸੰਵੇਦਨਸ਼ੀਲ ਫਸਲ ਹੈ। ਭਾਰਤ ਵਿੱਚ ਬਹੁਤ ਸਾਰੇ ਕਪਾਹ ਉਤਪਾਦਕ ਖੇਤਰ ਪਹਿਲਾਂ ਹੀ ਪਾਣੀ ਦੀ ਕਮੀ ਦਾ ਸਾਹਮਣਾ ਕਰ ਰਹੇ ਹਨ। ਭੂਮੀਗਤ ਪਾਣੀ ਦੇ ਪੱਧਰ ਵਿੱਚ ਗਿਰਾਵਟ ਅਤੇ ਸਿੰਚਾਈ ਲਈ ਪਾਣੀ ਦੀ ਘੱਟ ਉਪਲਬਧਤਾ ਕਾਰਨ ਕਿਸਾਨਾਂ ਨੂੰ ਕਪਾਹ ਦੀ ਕਾਸ਼ਤ ਕਰਨਾ ਮੁਸ਼ਕਲ ਹੋ ਰਿਹਾ ਹੈ। ਜਲਵਾਯੂ ਪਰਿਵਰਤਨ ਕਾਰਨ ਸੋਕੇ ਦੀ ਬਾਰੰਬਾਰਤਾ ਅਤੇ ਤੀਬਰਤਾ ਵਿੱਚ ਵਾਧੇ ਨੇ ਇਸ ਸਮੱਸਿਆ ਨੂੰ ਹੋਰ ਵਧਾ ਦਿੱਤਾ ਹੈ।

ਪਿਛਲੇ ਕੁਝ ਸਾਲਾਂ ਵਿੱਚ ਕਪਾਹ ਦੀ ਖੇਤੀ ਦੀ ਲਾਗਤ ਵਿੱਚ ਕਾਫ਼ੀ ਵਾਧਾ ਹੋਇਆ ਹੈ। ਬੀਜ, ਖਾਦਾਂ, ਕੀਟਨਾਸ਼ਕਾਂ ਅਤੇ ਮਜ਼ਦੂਰੀ ਦੀ ਲਾਗਤ ਵਧਣ ਕਾਰਨ ਕਿਸਾਨਾਂ ਲਈ ਕਪਾਹ ਦੀ ਕਾਸ਼ਤ ਮਹਿੰਗੀ ਹੋ ਗਈ ਹੈ। ਇਸ ਤੋਂ ਇਲਾਵਾ, ਕੀੜਿਆਂ ਅਤੇ ਬਿਮਾਰੀਆਂ ਦੇ ਹਮਲੇ ਕਿਸਾਨਾਂ ਨੂੰ ਵਾਧੂ ਕੀਟਨਾਸ਼ਕ ਖਰੀਦਣ ਅਤੇ ਵਰਤਣ ਲਈ ਮਜਬੂਰ ਕਰਦੇ ਹਨ, ਜਿਸ ਨਾਲ ਉਤਪਾਦਨ ਲਾਗਤ ਹੋਰ ਵੱਧ ਜਾਂਦੀ ਹੈ। ਕਪਾਹ ਦੀਆਂ ਕੀਮਤਾਂ ਵਿੱਚ ਭਾਰੀ ਉਤਰਾਅ-ਚੜ੍ਹਾਅ ਆਉਂਦੇ ਹਨ, ਜਿਸ ਕਾਰਨ ਕਿਸਾਨਾਂ ਲਈ ਆਪਣੀ ਉਪਜ ਦੀ ਵਿਕਰੀ ਤੋਂ ਸਥਿਰ ਆਮਦਨ ਪ੍ਰਾਪਤ ਕਰਨਾ ਮੁਸ਼ਕਲ ਹੋ ਜਾਂਦਾ ਹੈ। ਕਈ ਵਾਰ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਲਾਗਤ ਤੋਂ ਘੱਟ ਕੀਮਤਾਂ 'ਤੇ ਵੇਚਣ ਲਈ ਮਜਬੂਰ ਹੋਣਾ ਪੈਂਦਾ ਹੈ, ਜਿਸ ਨਾਲ ਉਨ੍ਹਾਂ ਨੂੰ ਭਾਰੀ ਨੁਕਸਾਨ ਹੁੰਦਾ ਹੈ। ਸਰਕਾਰੀ ਸਮਰਥਨ ਮੁੱਲ ($♥♦) ਪ੍ਰਣਾਲੀ ਵੀ ਸਾਰੇ ਕਿਸਾਨਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਨਹੀਂ ਪਹੁੰਚਦੀ। ਬਹੁਤ ਸਾਰੇ ਖੇਤਰਾਂ ਵਿੱਚ ਕਿਸਾਨਾਂ ਨੂੰ ਨਕਲੀ ਜਾਂ ਘੱਟ-ਗੁਣਵੱਤਾ ਵਾਲੇ ਬੀਜਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਨਾਲ ਫਸਲ ਦੀ ਪੈਦਾਵਾਰ ਅਤੇ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ। ਵਧਦੀਆਂ ਲਾਗਤਾਂ ਕਾਰਨ, ਬਹੁਤ ਸਾਰੇ ਕਿਸਾਨ ਕਰਜ਼ੇ ਵਿੱਚ ਫਸ ਗਏ ਹਨ। ਕਪਾਹ ਉਤਪਾਦਨ ਸੰਕਟ ਨਾਲ ਨਜਿੱਠਣ ਅਤੇ ਕਪਾਹ ਕਿਸਾਨਾਂ ਅਤੇ ਟੈਕਸਟਾਈਲ ਉਦਯੋਗ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਇੱਕ ਬਹੁ-ਪੱਖੀ ਪਹੁੰਚ ਅਪਣਾਉਣ ਦੀ ਲੋੜ ਹੈ। , ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਬਹੁਤ ਜ਼ਿਆਦਾ ਵਰਤੋਂ ਨੂੰ ਘਟਾਉਣ ਅਤੇ ਮਿੱਟੀ ਦੀ ਸਿਹਤ ਬਣਾਈ ਰੱਖਣ ਲਈ ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਮਹੱਤਵਪੂਰਨ ਹੈ। ਕਿਸਾਨਾਂ ਨੂੰ ਜੈਵਿਕ ਖੇਤੀ, ਕੁਦਰਤੀ ਖੇਤੀ ਅਤੇ ਏਕੀਕ੍ਰਿਤ ਕੀਟ ਪ੍ਰਬੰਧਨ ਵਰਗੀਆਂ ਤਕਨੀਕਾਂ ਅਪਣਾਉਣ ਲਈ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। 1. ਕਪਾਹ ਦੀ ਖੇਤੀ ਵਿੱਚ ਪਾਣੀ ਦੀ ਕੁਸ਼ਲ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ 'ਸਪ੍ਰਿੰਕਲਰ ਸਿੰਚਾਈ' ਵਰਗੀਆਂ ਆਧੁਨਿਕ ਸਿੰਚਾਈ ਤਕਨੀਕਾਂ ਅਪਣਾਉਣ ਲਈ ਕਿਸਾਨਾਂ ਨੂੰ ਵਿੱਤੀ ਸਹਾਇਤਾ ਅਤੇ ਤਕਨੀਕੀ ਮਾਰਗਦਰਸ਼ਨ ਪ੍ਰਦਾਨ ਕੀਤਾ ਜਾਣਾ ਚਾਹੀਦਾ ਹੈ। ਪਾਣੀ ਦੀ ਸੰਭਾਲ ਅਤੇ ਮੀਂਹ ਦੇ ਪਾਣੀ ਦੀ ਸੰਭਾਲ ਦੇ ਉਪਾਵਾਂ ਨੂੰ ਵੀ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਕੀੜਿਆਂ ਅਤੇ ਬਿਮਾਰੀਆਂ ਦੇ ਪ੍ਰਕੋਪ ਦਾ ਮੁਕਾਬਲਾ ਕਰਨ ਲਈ ਖੋਜ ਅਤੇ ਵਿਕਾਸ ਵਿੱਚ ਨਿਵੇਸ਼ ਵਧਾਉਣ ਦੀ ਲੋੜ ਹੈ। ਭਾਰਤ ਵਿੱਚ ਕਪਾਹ ਉਤਪਾਦਨ ਸੰਕਟ ਦੇਸ਼ ਦੇ ਕਿਸਾਨਾਂ, ਕੱਪੜਾ ਉਦਯੋਗ ਅਤੇ ਆਰਥਿਕਤਾ ਸਾਹਮਣੇ ਇੱਕ ਗੰਭੀਰ ਚੁਣੌਤੀ ਹੈ। ਇਸ ਸੰਕਟ ਦਾ ਕਿਸਾਨਾਂ ਦੀ ਰੋਜ਼ੀ-ਰੋਟੀ 'ਤੇ ਮਾੜਾ ਪ੍ਰਭਾਵ ਪੈ ਰਿਹਾ ਹੈ। ਹਾਲਾਂਕਿ, ਇਸ ਸੰਕਟ ਨਾਲ ਸਹੀ ਨੀਤੀਆਂ ਅਤੇ ਰਣਨੀਤੀਆਂ ਅਪਣਾ ਕੇ ਨਜਿੱਠਿਆ ਜਾ ਸਕਦਾ ਹੈ। ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ, ਪਾਣੀ ਦੀ ਕੁਸ਼ਲ ਵਰਤੋਂ ਨੂੰ ਉਤਸ਼ਾਹਿਤ ਕਰਨਾ, ਕੀੜਿਆਂ ਅਤੇ ਬਿਮਾਰੀਆਂ ਦੇ ਪ੍ਰਬੰਧਨ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਵਿਕਸਤ ਕਰਨਾ, ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਨਾ, ਮਾਰਕੀਟ ਸਹਾਇਤਾ ਨੂੰ ਯਕੀਨੀ ਬਣਾਉਣਾ ਅਤੇ ਕਿਸਾਨਾਂ ਨੂੰ ਸਿੱਖਿਆ ਅਤੇ ਸਿਖਲਾਈ ਪ੍ਰਦਾਨ ਕਰਨਾ ਕੁਝ ਮਹੱਤਵਪੂਰਨ ਕਦਮ ਹਨ ਜੋ ਕਪਾਹ ਦੇ ਉਤਪਾਦਨ ਨੂੰ ਵਾਪਸ ਪਟੜੀ 'ਤੇ ਲਿਆਉਣ ਵਿੱਚ ਮਦਦ ਕਰ ਸਕਦੇ ਹਨ।

**- ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243